ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 9 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੫ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243





## ਦਾਅਵਾ: ਹੁਣ ਪਹਿਲਾਂ ਵਰਗੇ ਨਹੀਂ ਰਹੇ ਪੀਐਮ ਮੋਦੀ ਤੇ ਸੰਘ ਦੇ ਰਿਸ਼ਤੇ



ਨਵੀਂ ਦਿੱਲੀ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)- ਭਾਰਤੀ ਜਨਤਾ ਪਾਰਟੀ 'ਤੇ ਚੁਟਕੀ ਲੈਂਦਿਆਂ ਕਿਹਾ ਕਿ ਲੋਕ ਸਭਾ ਚੋਣਾਂ ਦੇ ਨਤੀਜਿਆਂ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰਾਸ਼ਟਰੀ ਸਵੈ ਸੇਵਕ ਸੰਘ (ਆਰ.ਐੱਸ.ਐੱਸ.) ਵਿਚਾਲੇ ਸਬੰਧ ਵਿਗੜ ਗਏ ਹਨ।ਵਿਰੋਧੀ ਪਾਰਟੀ ਨੇ ਇਹ ਵੀ ਦਾਅਵਾ ਕੀਤਾ ਕਿ ਇਸ ਸਰਕਾਰ ਦੀ ਉਮਰ ਹਰ ਗੁਜ਼ਰਦੇ ਹਫ਼ਤੇ ਨਾਲ ਘਟਦੀ ਜਾ ਰਹੀ ਹੈ।ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਇਕ ਪੋਸਟ 'ਚ ਦਾਅਵਾ ਕੀਤਾ ਹੈ ਕਿ ਉਨ੍ਹਾਂ ਦਰਮਿਆਨ ਤਣਾਅ ਦੀ ਸਥਿਤੀ ਹੈ। ਉਨ੍ਹਾਂ ਨੇ ਕਿਹ ਕਿ ਸ਼ੁੱਕਰਵਾਰ ਨੂੰ ਪੁਣੇ 'ਚ ਇਕ ਪ੍ਰੋਗਰਾਮ 'ਚ ਆਰਐੱਸਐੱਸ ਮੁਖੀ ਮੋਹਨ ਭਾਗਵਤ ਨੇ ਭਗਵਾਨ ਦੇ ਅਵਤਾਰ ਬਾਰੇ ਪ੍ਰਧਾਨ ਮੰਤਰੀ (ਮੋਦੀ) ਦੇ ਦਾਅਵੇ 'ਤੇ ਨਿਸ਼ਾਨਾ ਸਾਧਿਆ ਅਤੇ ਕਿਹਾ ਕਿ 'ਲੋਕ ਤੈਅ ਕਰਨਗੇ ਕਿ ਅਸੀਂ ਭਗਵਾਨ ਬਾਕੀ ਸਫ਼ਾ-2 'ਤੇ

## ਹਰਿਆਣਾ ਦੀ ਸਿਆਸਤ 'ਚ ਬੀਜੇਪੀ ਨੂੰ ਵੱਡਾ ਝਟਕਾ ! ਚੌਧਰੀ ਦੇਵੀ ਲਾਲ ਦੇ ਪੋਤੇ ਆਦਿਤਿਆ ਚੌਟਾਲਾ ਇਨੈਲੋ 'ਚ ਸ਼ਾਮਲ

ਚੰਡੀਗੜ੍ਹ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)-



ਹਰਿਆਣਾ ਦੀ ਰਾਜਨੀਤੀ ਵਿੱਚ ਵੱਡਾ ਧਮਾਕਾ ਹੋਇਆ ਹੈ। ਆਦਿਤਿਆ ਚੌਟਾਲਾ ਇਨੈਲੋ ਵਿੱਚ ਸ਼ਾਮਲ ਹੋ ਗਏ ਹਨ।ਆਦਿਤਿਆ ਚੌਟਾਲਾ ਨੇ 2 ਦਿਨ ਪਹਿਲਾਂ ਹਰਿਆਣਾ ਖੇਤੀਬਾੜੀ ਮੰਡੀਕਰਨ ਬੋਰਡ ਤੋਂ ਅਸਤੀਫਾ ਦੇ ਦਿੱਤਾ ਸੀ।ਅਦਿੱਤਿਆ ਦੇਵੀ ਲਾਲ ਨੇ ਕਿਹਾ ਕਿ ਅਸੀਂ ਡੱਬਵਾਲੀ ਤੋਂ ਜਿੱਤ ਲਈ ਲੜਾਂਗੇ। ਇਹ ਜਿੱਤ ਮੇਰੀ ਨਹੀਂ ਤੁਹਾਡੀ ਜਿੱਤ ਹੋਵੇਗੀ। ਇਹ ਜਿੱਤ ਹਰਿਆਣਾ ਵਿੱਚ ਇੱਕ ਨਵੀਂ ਕਹਾਣੀ ਲਿਖੇਗੀ। ਇਨੈਲੋ ਵਿਧਾਇਕ ਅਭੈ ਸਿੰਘ ਚੌਟਾਲ ਨੇ ਆਦਿਤਿਆ ਚੌਟਾਲਾ ਨੂੰ ਸ਼ਾਮਲ ਕਰਵਾਇਆ।ਅਦਿੱਤਿਆ ਚੌਟਾਲਾ ਦੇ ਇਨੈਲੋ ਦੀ ਟਿਕਟ 'ਤੇ ਚੋਣ ਲੜਨ ਦੀਆਂ ਸੰਭਾਵਨਾਵਾਂ ਵਧ ਗਈਆਂ ਬਾਕੀ ਸਫ਼ਾ-2 'ਤੇ

## ਲੁਧਿਆਣਾ 'ਚ ਗੁਲਜ਼ਾਰ ਇੰਸਟੀਚਿਊਟ ਦਾ ਮਾਲਕ ਗ੍ਰਿਫਤਾਰ, ਕੋਲਕਾਤਾ ਪੁਲਿਸ ਤੇ ਸੀਆਈਡੀ ਟੀਮ ਨੇ ਕੀਤੀ ਕਾਰਵਾਈ

ਲੁਧਿਆਣਾ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)- ਲੁਧਿਆਣਾ ਦੇ ਨਾਮਵਰ ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਟ ਦੇ ਮਾਲਕ ਨੂੰ ਪੁਲਿਸ ਨੇ ਕਰੋੜਾਂ ਦੀ ਧੋਖਾਧੜੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਹੈ। ਸ਼ਨੀਵਾਰ ਦੇਰ ਰਾਤ ਕੋਲਕਾਤਾ ਤੋਂ ਆਈ ਪੁਲਿਸ ਤੇ ਸੀਆਈਡੀ ਟੀਮ ਨੇ ਸ਼ਹਿਰ ਵਿੱਚ ਦਸਤਕ ਦਿੱਤੀ। ਉਨ੍ਹਾਂ ਨੂੰ ਸੂਚਨਾ ਸੀ ਕਿ ਗੁਲਜ਼ਾਰ ਗਰੁੱਪ ਦਾ ਮਾਲਕ ਸ਼ਹਿਰ 'ਚ ਹੈ। ਦੱਸਿਆ ਜਾ ਰਿਹਾ ਹੈ ਕਿ ਪੁਲਿਸ ਨੇ ਛਾਪਾ ਮਾਰ ਕੇ ਦੋਵਾਂ ਭਰਾਵਾਂ ਨੂੰ ਗ੍ਰਿਫਤਾਰ ਕਰ ਲਿਆ ਹੈ। ਫੜੇ ਗਏ ਮਾਲਕਾਂ ਦੀ ਪਛਾਣ ਹਰਕੀਰਤ ਸਿੰਘ ਅਤੇ ਗੁਰਕੀਰਤ ਸਿੰਘ ਵਜੋਂ ਬਾਕੀ ਸਫ਼ਾ-2 'ਤੇ




### ਆਪਣੀ ਸਿਆਸੀ ਹੋਂਦ ਨੂੰ ਬਚਾਉਣ ਲਈ

# 10 ਤੋਂ 23 ਸਤੰਬਰ ਤੱਕ ਪੰਜਾਬ ਭਰ 'ਚ ਸਰਕਾਰ ਖ਼ਿਲਾਫ਼ ਪ੍ਰਦਰਸ਼ਨ ਕਰੇਗਾ ਸ਼੍ਰੋਮਣੀ ਅਕਾਲੀ ਅਕਾਲੀ ਦਲ

ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਕਿ ਉਹ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਨਗੇ। ਉਨ੍ਹਾਂ ਸਮੂਹ ਅਕਾਲੀ ਆਗੂਆਂ ਅਤੇ ਸਮਰਥਕਾਂ ਨੂੰ ਇਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ...

### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ

ਸ਼੍ਰੋਮਣੀ ਅਕਾਲੀ ਦਲ 4 ਵਿਧਾਨ ਸਭਾ ਸੀਟਾਂ ਲਈ ਹੋਣ ਵਾਲੀਆਂ ਉਪ ਚੋਣਾਂ ਤੋਂ ਪਹਿਲਾਂ ਪੰਜਾਬ ਸਰਕਾਰ ਨੂੰ ਘੇਰਨ ਦੀ ਤਿਆਰੀ ਕਰ ਰਿਹਾ ਹੈ। ਅਕਾਲੀ ਦਲ ਨੇ ਹੁਣ ਪੂਰੇ ਸੂਬੇ 'ਚ ਬਿਜਲੀ ਸਬਸਿਡੀ ਖਤਮ ਕਰਨ, ਪੈਟਰੋਲ ਅਤੇ ਡੀਜ਼ਲ 'ਤੇ ਵੈਟ ਵਧਾਉਣ ਅਤੇ ਸੂਬੇ 'ਚ ਵਧ ਰਹੇ ਅਪਰਾਧ ਸਮੇਤ ਵੱਖ-ਵੱਖ ਮੁੱਦਿਆਂ 'ਤੇ ਰੋਸ ਪ੍ਰਦਰਸ਼ਨ ਕਰਨ ਦਾ ਪ੍ਰੋਗਰਾਮ ਬਣਾਇਆ ਹੈ। ਇਹ ਪ੍ਰੋਗਰਾਮ ਭਲਕੇ (ਸੋਮਵਾਰ) ਲੁਧਿਆਣਾ ਤੋਂ ਸ਼ੁਰੂ ਹੋਵੇਗਾ। ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਕਿ ਉਹ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਨਗੇ।ਉਨ੍ਹਾਂ ਸਮੂਹ ਅਕਾਲੀ ਆਗੂਆਂ ਅਤੇ ਸਮਰਥਕਾਂ ਨੂੰ ਇਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਇਸ ਦੌਰਾਨ ਸਰਕਾਰ ਦਾ ਪਰਦਾਫਾਸ਼ ਕੀਤਾ ਜਾਵੇਗਾ। ਪ੍ਰਦਰਸ਼ਨ ਲਈ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੂਰੀ ਵਿਉਂਤਬੰਦੀ ਕੀਤੀ ਗਈ ਸੀ। ਇਹ ਰੋਸ ਪ੍ਰੋਗਰਾਮ 10 ਸਤੰਬਰ ਤੋਂ 23 ਸਤੰਬਰ ਤੱਕ ਚੱਲੇਗਾ। 10 ਸਤੰਬਰ ਨੂੰ ਲੁਧਿਆਣਾ, 11 ਸਤੰਬਰ ਨੂੰ ਫਿਰੋਜ਼ਪੁਰ, 12 ਸਤੰਬਰ ਨੂੰ ਫਾਜ਼ਿਲਕਾ, 13 ਸਤੰਬਰ ਨੂੰ ਮੋਗਾ, 16 ਸਤੰਬਰ ਨੂੰ ਸ੍ਰੀ ਮੁਕਤਸਰ ਸਾਹਿਬ, 17 ਸਤੰਬਰ ਨੂੰ ਬਠਿੰਡਾ, 18 ਸਤੰਬਰ ਨੂੰ ਮਾਨਸਾ, 19 ਸਤੰਬਰ ਨੂੰ ਸੰਗਰੂਰ, 20 ਸਤੰਬਰ ਨੂੰ ਬਰਨਾਲਾ ਤੇ 23 ਸਤੰਬਰ ਨੂੰ ਸ਼ਹੀਦ ਭਗਤ ਸਿੰਘ ਨਗਰ ਵਿਖੇ ਜਾਣਗੇ।

## ਭਗਵੰਤ ਮਾਨ ਦੀ ਲੀਡਰਸ਼ਿਪ ਹੇਠ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ ਢੇਰੀ ਹੋ ਗਈ ਹੈ : ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ



ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੇ ਦੱਸਿਆ ਕਿ ਭਗਵੰਤ ਮਾਨ ਦੀ ਲੀਡਰਸ਼ਿਪ ਹੇਠ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ ਢੇਰੀ ਹੋ ਗਈ ਹੈ ਤੇ ਗੈਂਗਸਟਰ ਸੂਬੇ ਨੂੰ ਚਲਾ ਰਹੇ ਹਨ ਜਿਸ ਦੌਰਾਨ ਡਕੈਤੀਆਂ, ਲੁੱਟਾਂ ਖੋਹਾਂ, ਫਿਰੌਤੀਆਂ ਤੇ ਕਤਲ ਰੋਜ਼ ਦਾ ਹੀ ਕੰਮ ਹੋ ਗਿਆ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਭਗਵੰਤ ਮਾਨ ਸਰਕਾਰ ਨੂੰ ਬੇਨਕਾਬ ਕਰੇਗਾ ਕਿ ਕਿਵੇਂ ਇਹ ਕਿਸਾਨਾਂ,ਵਪਾਰੀਆਂ,ਮਜ਼ਦੂਰਾਂ, ਬਾਕੀ ਸਫ਼ਾ-2 'ਤੇ



## ਪੰਜਾਬ 'ਚ ਬੱਸ ਦਾ ਸਫਰ ਹੋਇਆ ਮਹਿੰਗਾ, ਡੀਜ਼ਲ 'ਤੇ ਵੈਟ ਵਧਾਉਣ ਤੋਂ ਬਾਅਦ ਸਰਕਾਰ ਦਾ ਵੱਡਾ ਫੈਸਲਾ

ਚੰਡੀਗੜ੍ਹ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)- ਪੰਜਾਬ ਵਿੱਚ ਬੱਸ ਸਫ਼ਰ ਮਹਿੰਗਾ ਹੋ ਗਿਆ ਹੈ। ਡੀਜ਼ਲ 'ਤੇ ਵੈਟ 62 ਪੈਸੇ ਪ੍ਰਤੀ ਲੀਟਰ ਵਧਾਉਣ ਦੇ ਨਾਲ-ਨਾਲ ਸਰਕਾਰ ਨੇ ਬੱਸ ਦਾ ਕਿਰਾਇਆ ਵਧਾਉਣ ਦਾ ਵੀ ਫੈਸਲਾ ਕੀਤਾ ਹੈ। ਬੱਸਾਂ ਦਾ ਕਿਰਾਇਆ 23 ਪੈਸੇ ਤੋਂ ਵਧਾ ਕੇ 46 ਪੈਸੇ ਪ੍ਰਤੀ ਕਿਲੋਮੀਟਰ ਕਰ ਦਿੱਤਾ ਗਿਆ ਹੈ। ਪੰਜਾਬ ਟਰਾਂਸਪੋਰਟ ਵਿਭਾਗ ਵੱਲੋਂ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਯਾਤਰੀਆਂ ਨੂੰ ਇੱਕ ਜਗ੍ਹਾ ਤੋਂ ਦੂਜੀ ਜਗ੍ਹਾ ਜਾਣ ਲਈ ਘੱਟੋ-ਘੱਟ 15 ਰੁਪਏ ਦਾ ਭੁਗਤਾਨ ਕਰਨਾ ਹੋਵੇਗਾ, ਭਾਵੇਂ ਉਹ ਸਿਰਫ਼ ਇੱਕ ਕਿਲੋਮੀਟਰ ਦੀ ਦੂਰੀ ਹੀ ਤੈਅ ਕਰਨ। ਬੱਸ ਕਿਰਾਏ ਵਿੱਚ ਵਾਧੇ ਨਾਲ ਸਰਕਾਰ ਨੂੰ 150 ਕਰੋੜ ਰੁਪਏ ਜੁਟਾਉਣ ਵਿੱਚ ਮਦਦ ਮਿਲੇਗੀ। ਔਰਤਾਂ ਨੂੰ ਮਿਲਣ ਵਾਲੀ ਮੁਫਤ ਯਾਤਰਾ ਦੀ ਸਹੂਲਤ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ। ਇਹ ਪਹਿਲਾਂ ਵਾਂਗ ਹੀ ਜਾਰੀ ਰਹੇਗੀ। ਪ੍ਰਾਪਤ ਜਾਣਕਾਰੀ ਅਨੁਸਾਰ ਵਿਭਾਗ ਵੱਲੋਂ ਕਰੀਬ ਚਾਰ ਸਾਲਾਂ ਤੋਂ ਕਿਰਾਏ ਵਿੱਚ ਵਾਧਾ ਕੀਤਾ ਗਿਆ ਹੈ। ਇਹ ਵਾਧਾ ਸਰਕਾਰੀ ਅਤੇ ਨਿੱਜੀ ਦੋਵਾਂ ਸੈਕਟਰਾਂ 'ਤੇ ਲਾਗੂ ਹੋਵੇਗਾ। ਹੀਟ ਵੈਂਟੀਲੇਸ਼ਨ ਅਤੇ ਏਅਰ ਕੰਡੀਸ਼ਨ (ਐਚਐਸਵੀਏਸੀ) ਦੀਆਂ ਆਮ ਬੱਸਾਂ ਦੇ ਕਿਰਾਏ ਵਿੱਚ 23 ਪੈਸੇ ਪ੍ਰਤੀ ਕਿਲੋਮੀਟਰ ਦਾ ਵਾਧਾ ਕੀਤਾ ਗਿਆ ਹੈ। ਪਹਿਲਾਂ ਪ੍ਰਤੀ ਕਿਲੋਮੀਟਰ ਕਿਰਾਇਆ 1.22 ਰੁਪਏ ਪ੍ਰਤੀ ਕਿਲੋਮੀਟਰ ਸੀ, ਜੋ ਹੁਣ 1.45 ਰੁਪਏ ਪ੍ਰਤੀ ਕਿਲੋਮੀਟਰ ਹੋ ਬਾਕੀ ਸਫ਼ਾ-2 'ਤੇ

### ਕੈਗ ਦੀ ਰਿਪੋਰਟ ਵਿੱਚ ਹੋਇਆ ਵੱਡਾ ਖੁਲਾਸਾ

# ਪੂਰੇ ਮੁਲਕ ਨੂੰ ਰੋਟੀ ਖਵਾਉਣ ਵਾਲੇ ਪੰਜਾਬ ਦਾ ਬੁਰਾ ਹਾਲ, ਵਿੱਤੀ ਸੰਕਟ ਦਾ ਸ਼ਿਕਾਰ, ਪਹਾੜ ਜਿੱਡਾ ਕਰਜ਼ਾ

ਨਵੀਂ ਦਿੱਲੀ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)- ਕਿਸੇ ਵੇਲੇ ਪੂਰੇ ਮੁਲਕ ਨੂੰ ਰੋਟੀ ਖਵਾਉਣ ਵਾਲਾ ਪੰਜਾਬ ਅੱਜ ਵਿੱਤੀ ਸੰਕਟ ਵਿੱਚ ਘਿਰ ਗਿਆ ਹੈ। ਪੰਜਾਬ ਸਿਰ ਕਰਜ਼ੇ ਦਾ ਪਹਾੜ ਖੜ੍ਹਾ ਹੋ ਗਿਆ ਹੈ। ਦੂਜੇ ਪਾਸੇ ਕੇਂਦਰ ਸਰਕਾਰ ਵੀ ਸੂਬੇ ਦੀ ਬਾਂਹ ਫੜਨ ਲਈ ਤਿਆਰ ਨਜ਼ਰ ਨਹੀਂ ਆ ਰਹੀ। ਕੰਪਟਰੋਲਰ ਐਂਡ ਆਡੀਟਰ ਜਨਰਲ (ਕੈਗ) ਦੀ ਰਿਪੋਰਟ ਵਿੱਚ ਖੋਲ੍ਹੇ ਖੁਲਾਸਿਆਂ ਨੇ ਨੀਂਦ ਉਡਾ ਦਿੱਤੀ ਹੈ। ਦਰਅਸਲ ਕੈਗ ਦੀ ਰਿਪੋਰਟ ਵਿੱਚ ਸਾਹਮਣੇ ਆਇਆ ਹੈ ਕਿ ਪੰਜਾਬ ਵਿੱਤੀ ਸੰਕਟ ਵਿੱਚੋਂ ਲੰਘ ਰਿਹਾ ਹੈ। ਇਹ ਰਿਪੋਰਟ ਹਾਲ ਹੀ ਵਿੱਚ ਵਿਧਾਨ ਸਭਾ ਅੰਦਰ ਪੇਸ਼ ਕੀਤੀ ਗਈ ਸੀ। ਸੂਬੇ ਦੇ ਕੁੱਲ ਰਾਜ ਘਰੇਲੂ ਉਤਪਾਦ ਦਾ ਜਨਤਕ ਕਰਜ਼ਾ ਵਧ ਕੇ 44 ਫੀਸਦੀ ਹੋ ਗਿਆ ਹੈ, ਜੋ 20 ਫੀਸਦੀ ਹੋਣਾ ਚਾਹੀਦਾ ਹੈ। ਉਧਰ, ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨੇ ਕੈਗ ਦੀ ਰਿਪੋਰਟ 'ਤੇ ਚਿੰਤਾ ਜ਼ਾਹਰ ਕਰਦਿਆਂ ਕੇਂਦਰ ਤੋਂ ਐਸਓਐਸ ਕਮੇਟੀ ਬਣਾਉਣ ਦੀ ਮੰਗ ਕੀਤੀ ਹੈ। ਸਾਹਨੀ ਨੇ ਕਿਹਾ ਕਿ ਜੀਡੀਪੀ ਦਾ ਮਾਲੀਆ ਘਾਟਾ 2 ਫੀਸਦੀ ਹੋਣਾ ਚਾਹੀਦਾ ਸੀ। ਇਹ ਵੀ ਦੁੱਗਣਾ ਹੋ ਕੇ 4 ਫੀਸਦੀ ਹੋ ਗਿਆ ਹੈ। ਪੰਜਾਬ ਸਿਰ ਪਹਿਲਾਂ ਹੀ 2.82 ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਸੀ ਤੇ ਦੋ ਸਾਲਾਂ ਵਿੱਚ ਸੂਬੇ ਸਿਰ 90 ਹਜ਼ਾਰ ਕਰੋੜ ਰੁਪਏ ਦਾ ਹੋਰ ਕਰਜ਼ਾ ਚੜ੍ਹ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੀ ਸੂਬਾ ਸਰਕਾਰ ਨੂੰ ਮਾਲੀਏ ਦਾ 22 ਫੀਸਦੀ ਬਾਕੀ ਸਫ਼ਾ-2 'ਤੇ

### ਸੰਸਦ ਮੈਂਬਰ ਸਾਹਨੀ ਨੇ ਸੰਸਦ 'ਚ ਕੀਤੀ ਸੀ ਇਹ ਬੇਨਤੀ



ਸੰਸਦ ਮੈਂਬਰ ਸਾਹਨੀ ਨੇ ਕਿਹਾ ਕਿ ਉਨ੍ਹਾਂ ਨੇ ਸੰਸਦ ਵਿੱਚ ਬੇਨਤੀ ਕੀਤੀ ਸੀ ਕਿ ਪੰਜਾਬ ਦਾ ਜੋ 8500 ਕਰੋੜ ਰੁਪਏ ਦਾ ਫੰਡ ਕੇਂਦਰ ਕੋਲ ਬਕਾਇਆ ਹੈ, ਉਸ ਨੂੰ ਰਿਲੀਜ਼ ਕੀਤਾ ਜਾਵੇ। ਇਸ ਵਿੱਚ 5600 ਕਰੋੜ ਰੁਪਏ ਪੇਂਡੂ ਵਿਕਾਸ ਫੰਡ ਲਈ, 1000 ਕਰੋੜ ਰੁਪਏ ਨੈਸ਼ਨਲ ਹੈਲਥ ਮਿਸ਼ਨ ਲਈ, 1837 ਕਰੋੜ ਰੁਪਏ ਸਪੈਸ਼ਲ ਅਸਿਸਟੈਂਟ ਟੂ ਸਟੇਟ ਫਾਰ ਕੈਪੀਟਲ ਇਨਵੈਸਟਮੈਂਟ ਪੂੰਜੀ, ਜਿਸ ਰਾਹੀਂ ਸੜਕਾਂ ਦਾ ਨਿਰਮਾਣ ਕੀਤਾ ਜਾ ਸਕਦਾ ਹੈ, ਜਾਰੀ ਕੀਤਾ ਜਾਏ। ਪੰਜਾਬ ਨੂੰ ਹਰ ਸਾਲ 650 ਕਰੋੜ ਰੁਪਏ ਕੈਸ਼ ਕ੍ਰੈਡਿਟ ਲਿਮਟ ਦੇ ਵੀ ਅਦਾ ਕਰਨੇ ਪੈ ਰਹੇ ਹਨ। ਸਾਹਨੀ ਨੇ ਦੱਸਿਆ ਕਿ ਕੇਂਦਰ ਨੇ ਪਿਛਲੇ ਹਫਤੇ ਰਾਜਪੁਰਾ ਪਟਿਆਲਾ ਇੰਡਸਟਰੀਅਲ ਜ਼ੋਨ ਪੰਜਾਬ ਨੂੰ ਦਿੱਤਾ ਹੈ। ਇਸ ਲਈ 1102 ਏਕੜ ਜ਼ਮੀਨ ਖਾਲੀ ਪਈ ਹੈ ਤੇ ਇਸ ਦੇ ਫੰਡ ਵੀ ਜਾਰੀ ਕਰ ਦਿੱਤੇ ਜਾਣ ਤਾਂ ਚੰਗਾ ਹੋਵੇਗਾ। ਪੰਜਾਬ ਨੂੰ ਵਿੱਤੀ ਸੰਕਟ ਵਿੱਚੋਂ ਬਾਹਰ ਕੱਢਣ ਲਈ ਕੇਂਦਰ ਨੂੰ ਕੈਬਨਿਟ ਐਸਓਐਸ ਕਮੇਟੀ ਬਣਾਉਣੀ ਚਾਹੀਦੀ ਹੈ, ਤਾਂ ਜੋ ਪੰਜਾਬ ਨੂੰ ਭਵਿੱਖ ਵਿੱਚ ਹਨੇਰੇ ਵੱਲ ਜਾਣ ਤੋਂ ਬਚਾਇਆ ਜਾ ਸਕੇ।

### ਤੀਜੀ ਵਾਰ ਮੋਦੀ ਸਰਕਾਰ !

# ਏਸ਼ੀਆ ਦੀ ਦੂਜੀ ਸਭ ਤੋਂ ਮਾੜੀ ਕਰੰਸੀ ਬਣਿਆ ਭਾਰਤ ਦਾ ਰੁਪਿਆ, ਸ਼੍ਰੀਲੰਕਾ ਤੇ ਪਾਕਿਸਤਾਨ ਨਾਲੋਂ ਵੀ ਖ਼ਸਤਾ ਹਾਲਤ



ਨਵੀਂ ਦਿੱਲੀ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)-ਭਾਰਤੀ ਕਰੰਸੀ ਰੁਪਏ ਦੀ ਕੀਮਤ ਲਗਾਤਾਰ ਡਿੱਗ ਰਹੀ ਹੈ। ਰੁਪਏ ਦੇ ਕਮਜ਼ੋਰ ਹੋਣ ਦੇ ਨਾਂਅ 'ਤੇ ਵੀ ਮਾੜਾ ਰਿਕਾਰਡ ਦਰਜ ਕੀਤਾ ਗਿਆ ਹੈ। ਪਿਛਲੇ ਮਹੀਨੇ ਦੌਰਾਨ ਏਸ਼ੀਆ ਦੀ ਸਭ ਤੋਂ ਖ਼ਰਾਬ ਕਰੰਸੀ ਦੀ ਸੂਚੀ ਵਿੱਚ ਰੁਪਏ ਦਾ ਨਾਂਅ ਦੂਜੇ ਨੰਬਰ 'ਤੇ ਆ ਗਿਆ ਹੈ। ਬਿਜ਼ਨੈੱਸ ਸਟੈਂਡਰਡ ਦੀ ਰਿਪੋਰਟ ਮੁਤਾਬਕ, ਅਗਸਤ ਮਹੀਨੇ 'ਚ ਏਸ਼ੀਆ ਦੀਆਂ ਜ਼ਿਆਦਾਤਰ ਮੁਦਰਾਵਾਂ ਡਾਲਰ ਦੇ ਮੁਕਾਬਲੇ ਮਜ਼ਬੂਤ ? ?ਹੋਈਆਂ। ਭਾਰਤੀ ਰੁਪਿਆ ਤੇ ਬੰਗਲਾਦੇਸ਼ੀ ਟਕਾ ਸਿਰਫ ਦੋ ਮੁਦਰਾਵਾਂ ਸਨ ਜਿਨ੍ਹਾਂ ਦੀ ਕੀਮਤ ਵਿੱਚ ਡਾਲਰ ਦੇ ਮੁਕਾਬਲੇ ਟਕਾ 1.58 ਪ੍ਰਤੀਸ਼ਤ ਦੀ ਗਿਰਾਵਟ ਨਾਲ ਏਸ਼ੀਆ ਦੀ ਸਭ ਤੋਂ ਖਰਾਬ ਮੁਦਰਾ ਬਣ ਗਈ। ਇਸ ਤੋਂ ਬਾਅਦ ਰੁਪਿਆ 0.17 ਫੀਸਦੀ ਡਿੱਗ ਕੇ ਦੂਜੇ ਸਥਾਨ 'ਤੇ ਰਿਹਾ। ਭਾਰਤੀ ਰੁਪਿਆ ਇਸ ਸਮੇਂ ਡਾਲਰ ਦੇ ਮੁਕਾਬਲੇ ਸਭ ਤੋਂ ਹੇਠਲੇ ਪੱਧਰ ਦੇ ਨੇੜੇ ਹੈ। ਪਿਛਲੇ ਹਫਤੇ ਦੌਰਾਨ ਡਾਲਰ ਦੇ ਮੁਕਾਬਲੇ ਰੁਪਿਆ 84 ਦੇ ਹੇਠਾਂ ਆ ਗਿਆ ਸੀ। ਅਗਸਤ ਮਹੀਨੇ ਤੋਂ ਬਾਅਦ ਸਤੰਬਰ 'ਚ ਵੀ ਰੁਪਏ ਦੀ ਗਿਰਾਵਟ ਜਾਰੀ ਹੈ। ਭਾਰਤੀ ਕਰੰਸੀ ਇਸ ਮਹੀਨੇ ਹੁਣ ਤੱਕ 0.13 ਫੀਸਦੀ ਕਮਜ਼ੋਰ ਹੋਈ ਹੈ। ਇਸ ਪੂਰੇ ਵਿੱਤੀ ਸਾਲ ਯਾਨੀ ਅਪ੍ਰੈਲ ਤੋਂ ਲੈ ਕੇ ਹੁਣ ਤੱਕ ਰੁਪਿਆ 0.6 ਫੀਸਦੀ ਤੱਕ ਕਮਜ਼ੋਰ ਹੋਇਆ ਹੈ। ਪਿਛਲੇ ਵਿੱਤੀ ਸਾਲ ਵਿੱਚ ਰੁਪਏ ਨੇ ਚੰਗਾ ਪ੍ਰਦਰਸ਼ਨ ਕੀਤਾ ਸੀ ਅਤੇ ਏਸ਼ੀਆ ਵਿੱਚ ਤੀਜੀ ਸਭ ਤੋਂ ਸਥਿਰ ਤੇ ਮਜ਼ਬੂਤ ਮੁਦਰਾ ਬਣਨ ਵਿੱਚ ਕਾਮਯਾਬ ਰਿਹਾ ਸੀ। ਪਿਛਲੇ ਵਿੱਤੀ ਸਾਲ ਦੌਰਾਨ, ਏਸ਼ੀਆ ਵਿੱਚ ਭਾਰਤੀ ਰੁਪਏ ਨਾਲੋਂ ਸਿਰਫ਼ ਬਾਕੀ ਸਫ਼ਾ-2 'ਤੇ

## ਕੈਨੇਡਾ 'ਚ ਖਾਲਿਸਤਾਨੀ ਗੁਰਪਤਵੰਤ ਪੰਨੂ ਦੇ ਗੁਆਂਢ 'ਚ ਲੱਗੀ ਅੱਗ, ਪੰਨੂ ਨੂੰ ਬਣਾਇਆ ਜਾਣਾ ਸੀ ਨਿਸ਼ਾਨਾ ?

ਓਕਵਿਲ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)- ਕੈਨੇਡਾ ਦੇ ਓਕਵਿਲ ਸ਼ਹਿਰ ਵਿੱਚ ਰਾਤ



ਨੂੰ ਇੱਕ ਘਰ ਵਿੱਚ ਲੱਗੀ ਅੱਗ ਰਹੱਸ ਬਣ ਗਈ ਹੈ। ਇਸ ਅੱਗ 'ਚ ਕਈ ਉੱਚ ਦਰਜੇ ਦੀਆਂ ਸਪੋਰਟਸ ਕਾਰਾਂ ਵੀ ਨੁਕਸਾਨੀਆਂ ਗਈਆਂ ਹਨ। ਅੰਦਾਜ਼ਨ ਨੁਕਸਾਨ £5 ਮਿਲੀਅਨ ਤੋਂ ਵੱਧ ਹੈ। ਇਹ ਘਰ ਇਸ ਲਈ ਵੀ ਸੁਰਖੀਆਂ ਵਿੱਚ ਹੈ ਕਿਉਂਕਿ ਇਹ ਖਾਲਿਸਤਾਨ ਪੱਖੀ ਅੱਤਵਾਦੀ ਗੁਰਪਤਵੰਤ ਸਿੰਘ ਪੰਨੂ ਦੀ ਰਿਹਾਇਸ਼ ਦੇ ਨੇੜੇ ਹੈ। ਹਾਲਾਂਕਿ ਇਸ ਦੌਰਾਨ ਸਭ ਨੂੰ ਸੜਦੇ ਘਰ ਤੋਂ ਸੁਰੱਖਿਅਤ ਬਾਹਰ ਕੱਢ ਲਿਆ ਗਿਆ। ਜ਼ਿਕਰ ਕਰ ਦਈਏ ਕਿ 22 ਸਤੰਬਰ ਨੂੰ ਨਸਾਓ ਕਾਲਜਿਅਨ 'ਚ ਪ੍ਰਧਾਨ ਮੰਤਰੀ ਮੋਦੀ ਦੇ ਪ੍ਰੋਗਰਾਮ ਨੂੰ ਲੈ ਕੇ ਪੰਨੂ ਨੇ ਅਮਰੀਕਾ ਵਿੱਚ ਹਿੰਦੂ ਸੰਗਠਨਾਂ ਨੂੰ ਧਮਕੀ ਦਿੱਤੀ ਸੀ। ਦੋ ਮਿੰਟ ਦੀ ਵੀਡੀਓ 'ਚ ਪੰਨੂ ਨੇ ਕਿਹਾ ਨਰਿੰਦਰ ਮੋਦੀ ਨਿਸ਼ਾਨਾ ਹੈ।' ਪੰਨੂ ਦੇ ਘਰ ਨੂੰ ਅੱਗ ਲੱਗਣ ਕਾਰਨ ਕੋਈ ਨੁਕਸਾਨ ਨਹੀਂ ਹੋਇਆ ਹੈ। ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਕਰ ਰਹੇ ਸਥਾਨਕ ਅਧਿਕਾਰੀ ਹਰ ਪਹਿਲੂ ਤੋਂ ਦੇਖ ਰਹੇ ਹਨ। ਇਸ ਗੱਲ ਦੀ ਵੀ ਸੰਭਾਵਨਾ ਜਤਾਈ ਜਾ ਰਹੀ ਹੈ ਕਿ ਘਰ ਨੂੰ ਜਾਣਬੁੱਝ ਕੇ ਅੱਗ ਲਗਾਈ ਗਈ ਤੇ ਗ.ਲਤ ਘਰ ਨੂੰ ਨਿਸ਼ਾਨਾ ਬਾਕੀ ਸਫ਼ਾ-2 'ਤੇ

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਵਿੱਚ ਬਹੁਤ ਸ਼ਕਤੀ, ਇਸਦੇ ਵੱਧ ਤੋਂ ਵੱਧ ਜਾਪ ਨਾਲ ਹੀ ਹੋਵੇਗਾ ਖ਼ਾਲਸੇ ਦਾ ਰਾਜ-ਸਿੰਘ ਸਾਹਿਬ



ਅੰਮ੍ਰਿਤਸਰ, 8 ਸਤੰਬਰ (ਮੋਤਾ ਸਿੰਘ)- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਵੱਧ ਤੋਂ ਵੱਧ ਗੁਰਬਾਣੀ ਪਾਠ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਸਮੂਹ ਸੰਗਤਾਂ ਨੂੰ ਸਿੱਖ ਪੰਥ ਦੀ ਚੜ੍ਹਦੀ ਕਲਾ ਅਤੇ ਇੰਟਰਨੈਸ਼ਨਲ ਪੰਥਕ ਦਲ ਦੀ ਮਜ਼ਬੂਤੀ ਲਈ ਰੋਜ਼ਾਨਾ ਨਿੱਤਨੇਮ ਤੋਂ ਬਿਨ੍ਹਾ ਇੱਕ ਜਪੁਜੀ ਸਾਹਿਬ ਹੋਰ ਕਰਨ ਲਈ ਕਿਹਾ ਹੈ। ਸ੍ਰੀ ਦਰਬਾਰ ਸਾਹਿਬ ਵਿਖੇ ਮਹੀਨਾਵਾਰ ਪ੍ਰੋਗਰਾਮ ਤਹਿਤ ਸੰਗਤਾਂ ਦੇ ਨਾਲ ਗੁਰੂ ਕੇ ਲੰਗਰਾਂ ਵਿੱਚ ਸੇਵਾ ਕਰਨ ਪੁੱਜੇ ਸਿੰਘ ਸਾਹਿਬ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਵਿੱਚ ਬਹੁਤ ਸ਼ਕਤੀ ਹੈ। ਉਨ੍ਹਾਂ ਕਿਹਾ ਕਿ ਬਾਣੀ ਦੇ ਵੱਧ ਤੋਂ ਵੱਧ ਜਾਪ ਨਾਲ ਹੀ ਖਾਲਸੇ ਦਾ ਰਾਜ ਹੋਂਦ ਵਿੱਚ ਆਉਣਾ ਹੈ। ਉਨ੍ਹਾਂ ਨੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਸ੍ਰੀ ਦਰਬਾਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਹਜ਼ੂਰ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਕਰਨ ਆਉਣ ਜਾਣ ਦੀ ਅਪੀਲ ਕੀਤੀ। ਅੱਜ ਗੁਰੂ ਕੇ ਲੰਗਰਾਂ ਵਿੱਚ ਸੇਵਾ ਲਈ 20ਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਨਗਰ ਪਿੰਡ ਰੋਡੇ ਤੋਂ ਵੀ ਵੱਡੀ ਗਿਣਤੀ ਵਿੱਚ ਸੰਗਤ ਗੱਡੀਆਂ ਅਤੇ ਬੱਸਾਂ ਰਾਹੀਂ ਪਹੁੰਚੀ। ਸਿੰਘ ਸਾਹਿਬ ਨੇ ਇਹ ਸੰਗਤ ਲਿਆਉਣ ਲਈ ਜਥੇਦਾਰ ਬੂਟਾ ਸਿੰਘ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਉਹ ਸੰਗਤਾਂ ਨੂੰ ਸ੍ਰੀ ਦਰਬਾਰ ਸਾਹਿਬ ਲਿਆਉਣ ਦੀ ਇਹ ਲੜੀ ਟੁੱਟਣ ਨਾ ਦੇਣ ਅਤੇ ਇਲਾਕੇ ਦੀਆਂ ਹੋਰ ਸੰਗਤਾਂ ਨੂੰ ਵੀ ਇਸੇ ਤਰ੍ਹਾਂ ਹਰ ਮਹੀਨੇ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨਾਂ ਲਈ ਅਤੇ ਲੰਗਰਾਂ ਦੀ ਸੇਵਾ ਲਈ ਵੱਧ ਤੋਂ ਵੱਧ ਗੱਡੀਆਂ ਵਿੱਚ ਆਉਣ ਲਈ ਪ੍ਰੇਰਿਤ ਕਰਨ। ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਦੇ ਕਨਵੀਨਰ ਜਥੇਦਾਰ ਦਲੀਪ ਸਿੰਘ ਚਕਰ, ਜਥੇਦਾਰ ਦਰਸ਼ਨ ਸਿੰਘ ਮੰਡ, ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲੇ, ਭਾਈ ਜਗਤਾਰ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨ ਦਲ ਦੁਆਬਾ, ਜਥੇਦਾਰ ਬੂਟਾ ਸਿੰਘ ਅਤੇ ਹੋਰ ਪ੍ਰਮੁੱਖ ਸਖਸ਼ੀਅਤਾਂ ਅਤੇ ਸੰਗਤਾਂ ਨੇ ਵੀ ਸ੍ਰੀ ਦਰਬਾਰ ਸਾਹਿਬ ਵਿਖੇ 24 ਘੰਟੇ ਚੱਲ ਰਹੇ ਲੰਗਰਾਂ ਵਿੱਚ ਸੇਵਾ ਕੀਤੀ।

## --------: ਸ.ਫਾ-1 ਦੀ ਬਾਕੀ :------

### ਹੁਣ ਪਹਿਲਾਂ ਵਰਗੇ ਨਹੀਂ ਰਹੇ ਪੀਐਮ ਮੋਦੀ ਤੇ ਸੰਘ ਦੇ....

ਬਣਾਂਗੇ ਜਾਂ ਨਹੀਂ। ਸਾਨੂੰ ਇਹ ਪ੍ਰਚਾਰ ਨਹੀਂ ਕਰਨਾ ਚਾਹੀਦਾ ਕਿ ਅਸੀਂ ਰੱਬ ਬਣ ਗਏ ਹਾਂ। ਰਮੇਸ਼ ਨੇ ਇੱਕ ਮੀਡੀਆ ਰਿਪੋਰਟ ਨੂੰ ਟੈਗ ਕੀਤਾ ਜਿਸ ਵਿੱਚ ਆਰਐਸਐਸ ਮੁਖੀ ਨੂੰ ਇਹ ਟਿੱਪਣੀਆਂ ਕਰਨ ਦਾ ਹਵਾਲਾ ਦਿੱਤਾ ਗਿਆ ਸੀ। ਮੋਹਨ ਭਾਗਵਤ ਸ਼ੰਕਰ ਦਿਨਕਰ ਕੇਨ (ਜਿਸ ਨੂੰ ਭਈਆਜੀ ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ) ਦੀ ਸ਼ਤਾਬਦੀ ਦੇ ਮੌਕੇ 'ਤੇ ਆਯੋਜਿਤ ਇਕ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ, ਜਿਨ੍ਹਾਂ ਨੇ 1971 ਤੱਕ ਮਨੀਪੁਰ 'ਚ ਕੰਮ ਕੀਤਾ, ਬੱਚਿਆਂ ਦੀ ਸਿੱਖਿਆ 'ਤੇ ਕੰਮ ਕੀਤਾ, ਵਿਦਿਆਰਥੀਆਂ ਨੂੰ ਮਹਾਰਾਸ਼ਟਰ ਲਿਆਇਆ ਅਤੇ ਉਨ੍ਹਾਂ ਦੇ ਰਹਿਣ ਦਾ ਪ੍ਰਬੰਧ ਕੀਤਾ। ਲੋਕ ਸਭਾ ਚੋਣਾਂ ਦੇ ਨਤੀਜਿਆਂ ਤੋਂ ਬਾਅਦ ਭਾਗਵਤ ਨੇ ਨਸਲੀ ਟਕਰਾਅ ਪ੍ਰਭਾਵਿਤ ਮਨੀਪੁਰ ਵਿੱਚ ਇੱਕ ਸਾਲ ਬਾਅਦ ਵੀ ਸ਼ਾਂਤੀ ਦੀ ਘਾਟ 'ਤੇ ਚਿੰਤਾ ਪ੍ਰਗਟ ਕੀਤੀ ਸੀ, ਚੋਣਾਂ ਦੌਰਾਨ ਆਮ ਭਾਸ਼ਣ ਦੀ ਆਲੋਚਨਾ ਕੀਤੀ ਅਤੇ ਪੁੱਛਿਆ ਕਿ ਚੋਣਾਂ ਖਤਮ ਹੋਣ ਤੋਂ ਬਾਅਦ ਕੀ ਅਤੇ ਕਿਵੇਂ ਕਰਨਾ ਹੈ ਅਤੇ ਨਤੀਜੇ ਇਸ ਸਬੰਧੀ ਬੇਲੋੜੀ ਗੱਲਬਾਤ ਕਰਨ ਦੀ ਬਜਾਏ ਅੱਗੇ ਵਧਣ ਦੀ ਅਪੀਲ ਕੀਤੀ ਗਈ। ਵਿਰੋਧੀ ਧਿਰ ਦੇ ਨੇਤਾਵਾਂ ਨੇ ਭਾਜਪਾ ਅਤੇ ਪੀਐਮ ਮੋਦੀ 'ਤੇ ਚੁਟਕੀ ਲੈਣ ਲਈ ਉਨ੍ਹਾਂ ਦੇ ਬਿਆਨ ਦੀ ਵਰਤੋਂ ਕੀਤੀ।

### ਚੌਧਰੀ ਦੇਵੀ ਲਾਲ ਦੇ ਪੋਤੇ ਆਦਿਤਿਆ ਚੌਟਾਲਾ ਇਨੈਲੋ 'ਚ...

ਹਨ। ਇਸ ਮੌਕੇ ਅਭੈ ਚੌਟਾਲਾ ਨੇ ਵੱਡਾ ਦਾਅਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਨੈਲੋ ਦਾ ਗ੍ਰਾਫ ਲਗਾਤਾਰ ਵਧ ਰਿਹਾ ਹੈ। ਭਾਜਪਾ ਦੇ ਹੋਰ ਵੱਡੇ ਆਗੂ ਇਨੈਲੋ ਵਿੱਚ ਸ਼ਾਮਲ ਹੋਣ ਲਈ ਉਤਾਵਲੇ ਹਨ। ਅਭੈ ਚੌਟਾਲਾ ਨੇ ਕਿਹਾ ਕਿ ਅਸੀਂ ਦੋਵੇਂ ਭਰਾ ਪਹਿਲਾਂ ਵੀ ਇਕੱਠੇ ਸੀ। ਉਹ ਸਿਰਫ਼ ਸਿਆਸੀ ਤੌਰ 'ਤੇ ਵੱਖਰੇ ਸਨ। ਮੈਂ ਤਾਂ ਪਹਿਲਾਂ ਕਿਹਾ ਸੀ ਕਿ ਨਿੱਕਰ ਵਾਲੇ ਲੋਕ ਕਿਸੇ ਦੇ ਨਾਲ ਨਹੀਂ ਹੁੰਦੇ। ਚੌਧਰੀ ਦੇਵੀ ਲਾਲ ਹਮੇਸ਼ਾ ਇੱਕ ਗੱਲ ਕਹਿੰਦੇ ਸਨ, ਕਿਸੇ 'ਤੇ ਭਰੋਸਾ ਕਰੋ, ਪਰ ਇਨ੍ਹਾਂ ਨਿੱਕਰ ਵਾਲਿਆਂ ਉੱਤੇ ਭਰੋਸਾ ਨਾ ਕਰੋ। ਭਾਜਪਾ ਨੇ ਆਦਿਤਿਆ ਨਾਲ ਵੱਡਾ ਧੋਖਾ ਕੀਤਾ ਹੈ। ਉਸ ਦਾ ਨਾਂਅ ਸਿਰਫ਼ ਇਸ ਲਈ ਮਿਟਾ ਦਿੱਤਾ ਗਿਆ ਕਿਉਂਕਿ ਉਹ ਦੇਵੀ ਲਾਲ ਦਾ ਪੋਤਾ ਹੈ। ਉਨ੍ਹਾਂ ਨੂੰ ਡਰ ਸੀ ਕਿ ਜੇਕਰ ਇਹ ਵਿਧਾਨ ਸਭਾ ਵਿੱਚ ਆ ਗਿਆ ਤਾਂ ਚੌਧਰੀ ਦੇਵੀ ਲਾਲ ਦੇ ਨਾਂਅ ਦੀ ਤਾਕਤ ਹੋਰ ਵਧ ਜਾਵੇਗੀ। ਭਾਜਪਾ ਨੂੰ ਇਹ ਭੁਲੇਖਾ ਸੀ ਕਿ ਕੋਈ ਦੇਵੀ ਲਾਲ ਦੇ ਪਰਿਵਾਰ ਨੂੰ ਵਿਧਾਨ ਸਭਾ ਵਿਚ ਜਾਣ ਤੋਂ ਰੋਕ ਸਕਦਾ ਹੈ। ਤੁਹਾਨੂੰ ਦੱਸ ਦੇਈਏ ਕਿ ਆਦਿਤਿਆ ਚੌਟਾਲਾ ਚੌਧਰੀ ਦੇਵੀ ਲਾਲ ਦੇ ਸਭ ਤੋਂ ਛੋਟੇ ਬੇਟੇ ਜਗਦੀਸ਼ ਚੌਟਾਲਾ ਦੇ ਬੇਟੇ ਹਨ। ਉਹ 2014 ਵਿੱਚ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ ਸਨ। 2019 ਵਿੱਚ ਭਾਜਪਾ ਸਰਕਾਰ ਨੇ ਉਨ੍ਹਾਂ ਨੂੰ ਰਾਜ ਸਹਿਕਾਰੀ ਖੇਤੀਬਾੜੀ ਅਤੇ ਪੇਂਡੂ ਵਿਕਾਸ ਬੈਂਕ ਲਿਮਟਿਡ ਦਾ ਚੇਅਰਮੈਨ ਬਣਾਇਆ। ਚੌਟਾਲਾ ਨੇ ਦੋ ਦਿਨ ਪਹਿਲਾਂ ਇਸ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। 2019 ਦੀਆਂ ਚੋਣਾਂ ਵਿੱਚ ਆਦਿਤਿਆ ਚੌਟਾਲਾ ਨੇ ਡੱਬਵਾਲੀ ਵਿਧਾਨ ਸਭਾ ਤੋਂ ਚੋਣ ਲੜੀ ਸੀ ਪਰ ਉਹ ਕਾਂਗਰਸੀ ਉਮੀਦਵਾਰ ਅਮਿਤ ਸਿਹਾਗ ਤੋਂ ਹਾਰ ਗਏ।

### ਭਗਵੰਤ ਮਾਨ ਦੀ ਲੀਡਰਸ਼ਿਪ ਹੇਠ ਕਾਨੂੰਨ ਵਿਵਸਥਾ....

ਆਮ ਆਦਮੀ ਤੇ ਸਮਾਜ ਦੇ ਹੋਰ ਵਰਗਾਂ ਦੇ ਖਿਲਾਫ ਕੰਮ ਕਰ ਰਹੀ ਹੈ। ਜ਼ਿਕਰ ਕਰ ਦਈਏ ਕਿ ਲੋਕ ਸਭਾ ਚੋਣਾਂ ਤੋਂ ਪਹਿਲਾਂ ਅਕਾਲੀ ਦਲ ਵੱਲੋਂ ਪੂਰੇ ਸੂਬੇ ਵਿੱਚ ਪੰਜਾਬ ਬਚਾਓ ਯਾਤਰਾ ਕੱਢੀ ਗਈ ਸੀ। ਇਹ ਯਾਤਰਾ ਪਾਰਟੀ ਪ੍ਰਧਾਨ ਸੁਖਬੀਰ ਬਾਦਲ ਦੀ ਅਗਵਾਈ ਹੇਠ ਕੱਢੀ ਗਈ। ਲਗਭਗ ਸਾਰੇ ਵਿਧਾਨ ਸਭਾ ਹਲਕਿਆਂ ਨੂੰ ਘੇਰਨ ਦਾ ਯਤਨ ਕੀਤਾ ਗਿਆ। ਹਾਲਾਂਕਿ ਇਸ ਦੌਰੇ ਦਾ ਪਾਰਟੀ ਨੂੰ ਚੋਣਾਂ 'ਚ ਕੋਈ ਫਾਇਦਾ ਨਹੀਂ ਹੋਇਆ। ਚੋਣਾਂ ਵਿੱਚ ਪਾਰਟੀ ਬਠਿੰਡਾ ਸੀਟ ਨੂੰ ਛੱਡ ਕੇ ਕੋਈ ਵੀ ਸੀਟ ਨਹੀਂ ਜਿੱਤ ਸਕੀ।

### ਲੁਧਿਆਣਾ 'ਚ ਗੁਲਜ਼ਾਰ ਇੰਸਟੀਚਿਊਟ ਦਾ ਮਾਲਕ ਗ੍ਰਿਫਤਾਰ....

ਹੋਈ ਹੈ। ਫਿਲਹਾਲ ਪੁਲਿਸ ਨੇ ਗੁਰਕੀਰਤ ਸਿੰਘ ਦਾ ਮੈਡੀਕਲ ਕਰਵਾਇਆ ਹੈ। ਦੋਵਾਂ ਭਰਾਵਾਂ 'ਤੇ ਜੇਆਈਐਸ ਗਰੁੱਪ ਕੋਲਕਾਤਾ ਨਾਲ 25 ਕਰੋੜ ਰੁਪਏ ਤੋਂ ਵੱਧ ਦੀ ਧੋਖਾਧੜੀ ਕਰਨ ਦਾ ਦੋਸ਼ ਹੈ। ਆਡਿਟ ਦੌਰਾਨ ਇਹ ਧੋਖਾਧੜੀ ਸਾਹਮਣੇ ਆਈ ਹੈ। ਕੋਲਕਾਤਾ ਤੋਂ ਆਈ ਟੀਮ ਨੇ ਥਾਣਾ ਡਿਵੀਜ਼ਨ ਨੰਬਰ 5 ਵਿੱਚ ਦੋਵਾਂ ਭਰਾਵਾਂ ਤੋਂ ਕਰੀਬ ਇੱਕ ਘੰਟੇ ਤੱਕ ਪੁੱਛਗਿੱਛ ਕੀਤੀ। ਸੂਤਰਾਂ ਅਨੁਸਾਰ ਪਤਾ ਲੱਗਾ ਹੈ ਕਿ ਟੀਮ ਨੇ ਕੁਝ ਦਸਤਾਵੇਜ਼ ਵੀ ਚੈੱਕ ਕੀਤੇ ਹਨ। ਰਾਤ ਕਰੀਬ 11.15 ਵਜੇ ਪੁਲਿਸ ਨੇ ਮੁਲਜ਼ਮ ਦਾ ਮੈਡੀਕਲ ਕਰਵਾਇਆ। ਕੋਲਕਾਤਾ ਦੀ ਟੀਮ ਨੇ ਉਨ੍ਹਾਂ ਨੂੰ ਐਤਵਾਰ ਨੂੰ ਅਦਾਲਤ 'ਚ ਪੇਸ਼ ਕਰਕੇ ਕੋਲਕਾਤਾ ਲੈ ਜਾਵੇਗਾ। ਇਸ ਮਾਮਲੇ ਸਬੰਧੀ ਸੀਨੀਅਰ ਪੁਲਿਸ ਅਧਿਕਾਰੀਆਂ ਨੇ ਦੇਰ ਰਾਤ ਤੱਕ ਚੁੱਪ ਧਾਰੀ ਰੱਖੀ।

### ਮੁੱਖ ਮੰਤਰੀ ਮਾਨ ਨੇ 293 ਨੌਜਵਾਨਾਂ ਨੂੰ....

ਜਾਵੇਗਾ। **HVAC** (ਹੀਟਿੰਗ, ਵੈਂਟੀਲੇਸ਼ਨ ਅਤੇ ਏਅਰ ਕੰਡੀਸ਼ਨਿੰਗ) ਬੱਸਾਂ ਦੇ ਕਿਰਾਏ 28 ਪੈਸੇ ਵਧਾ ਕੇ 1.74 ਰੁਪਏ ਪ੍ਰਤੀ ਯਾਤਰੀ ਪ੍ਰਤੀ ਕਿਲੋਮੀਟਰ ਕਰ ਦਿੱਤੇ ਗਏ ਹਨ।

ਇੰਟੀਗ੍ਰਲ ਕੋਚ ਦਾ ਕਿਰਾਇਆ 41 ਪੈਸੇ ਵਧਾ ਕੇ 2.61 ਰੁਪਏ ਪ੍ਰਤੀ ਕਿਲੋਮੀਟਰ ਅਤੇ ਸੁਪਰ ਇੰਟੀਗ੍ਰਲ ਕੋਚ ਦਾ ਕਿਰਾਇਆ 46 ਪੈਸੇ ਵਧਾ ਕੇ 2.90 ਰੁਪਏ ਕਰ ਦਿੱਤਾ ਗਿਆ ਹੈ।

### ਕੈਗ ਦੀ ਰਿਪੋਰਟ ਵਿੱਚ ਹੋਇਆ..

ਵਿਆਜ ਵਜੋਂ ਅਦਾ ਕਰਨਾ ਪੈ ਰਿਹਾ ਹੈ।

ਅਜਿਹੀ ਨਾਜ਼ੁਕ ਸਥਿਤੀ ਵਿੱਚ ਪੰਜਾਬ ਦੇ ਮਾਲੀਏ ਵਿੱਚ 11 ਫੀਸਦੀ ਦਾ ਵਾਧਾ ਹੋਇਆ ਹੈ ਪਰ ਖਰਚੇ 13 ਫੀਸਦੀ ਵਧ ਗਏ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਕੇਂਦਰ ਤੇ ਲੋਕਾਂ ਨੂੰ ਇਹ ਸਮਝਣਾ ਹੋਵੇਗਾ ਕਿ ਇਹ ਵਿੱਤੀ ਘਾਟਾ ਸਿਰਫ ਪੰਜਾਬ ਦਾ ਨਹੀਂ ਸਗੋਂ ਪੂਰੇ ਦੇਸ਼ ਦਾ ਹੈ। ਪੰਜਾਬ ਭਾਰਤ ਦਾ ਵੱਖਰਾ ਹਿੱਸਾ ਹੈ। ਪੰਜਾਬ ਭਾਰਤ ਦਾ ਦਿਲ ਹੈ ਤੇ ਦੇਸ਼ ਦੀ ਫੂਡ ਬਾਸਕੇਟ ਹੈ।

### ਤੀਜੀ ਵਾਰ ਮੋਦੀ ਸਰਕਾਰ !..

ਹਾਂਗਕਾਂਗ ਡਾਲਰ ਅਤੇ ਸਿੰਗਾਪੁਰ ਡਾਲਰ ਨੇ ਬਿਹਤਰ ਪ੍ਰਦਰਸ਼ਨ ਕੀਤਾ। ਵਿੱਤੀ ਸਾਲ 2023-24 'ਚ ਰੁਪਿਆ 1.5 ਫੀਸਦੀ ਡਿੱਗਿਆ ਸੀ। ਹਾਲਾਂਕਿ ਇਸ ਤੋਂ ਪਹਿਲਾਂ ਵਿੱਤੀ ਸਾਲ 2022-23 'ਚ ਰੁਪਏ 'ਚ 7.8 ਫੀਸਦੀ ਦੀ ਭਾਰੀ ਗਿਰਾਵਟ ਦਰਜ ਕੀਤੀ ਗਈ ਸੀ। ਪਿਛਲੇ ਮਹੀਨੇ ਦੀ ਗੱਲ ਕਰੀਏ ਤਾਂ ਏਸ਼ੀਆਈ ਮੁਦਰਾਵਾਂ 'ਚ ਸਭ ਤੋਂ ਵਧੀਆ ਸਥਿਤੀ ਤਾਈਵਾਨ ਡਾਲਰ ਰਹੀ, ਜੋ ਪੂਰੇ ਮਹੀਨੇ 'ਚ ਡਾਲਰ ਦੇ ਮੁਕਾਬਲੇ 2.72 ਫੀਸਦੀ ਮਜ਼ਬੂਤ ਹੋਈ। ਦੱਖਣੀ ਕੋਰੀਆ ਦੀ ਵਨ ਅਗਸਤ 'ਚ 2.47 ਫੀਸਦੀ ਦੇ ਵਾਧੇ ਨਾਲ ਏਸ਼ੀਆ ਦੀ ਦੂਜੀ ਸਭ ਤੋਂ ਵਧੀਆ ਕਰੰਸੀ ਬਣ ਗਈ। ਜਾਪਾਨ ਦਾ ਯੇਨ 2.61 ਫੀਸਦੀ ਦੇ ਵਾਧੇ ਨਾਲ ਤੀਜੇ ਸਥਾਨ 'ਤੇ ਅਤੇ ਵੀਅਤਨਾਮ ਦਾ ਡਾਂਗ 1.56 ਫੀਸਦੀ ਦੇ ਵਾਧੇ ਨਾਲ ਚੌਥੇ ਸਥਾਨ 'ਤੇ ਰਿਹਾ।

### ਤੀਜੀ ਵਾਰ ਮੋਦੀ ਸਰਕਾਰ !..

ਬਣਾਇਆ ਗਿਆ। ਦੱਸ ਦਈਏ ਕਿ ਪੰਨੂ ਦੇ ਕਤਲ ਦੀ ਕਥਿਤ ਸਾਜ਼ਿਸ਼ ਨੂੰ ਲੈ ਕੇ ਭਾਰਤ ਅਤੇ ਅਮਰੀਕਾ ਵਿਚਾਲੇ ਪਹਿਲਾਂ ਹੀ ਤਣਾਅ ਹੈ। ਅਮਰੀਕਾ ਦਾ ਦਾਅਵਾ ਹੈ ਕਿ ਭਾਰਤ ਨਾਲ ਜੁੜੇ ਇੱਕ ਅਧਿਕਾਰੀ ਨੇ ਪੰਨੂ ਦੇ ਕਤਲ ਦੀ ਸਾਜ਼ਿਸ਼ ਰਚੀ ਸੀ। ਇਸ ਤੋਂ ਇਲਾਵਾ ਕੈਨੇਡਾ ਸਰਕਾਰ ਨੇ ਵੀ ਖਾਲਿਸਤਾਨੀਆਂ ਦੇ ਕਤਲ ਵਿੱਚ ਭਾਰਤ ਸਰਕਾਰ ਦੀ ਭੂਮਿਕਾ ਉੱਤੇ ਸਵਾਲ ਚੁੱਕੇ ਸਨ।

**2020 'ਚ ਅੱਤਵਾਦੀ ਐਲਾਨਿਆ ਗਿਆ ਸੀ ਪੰਨੂ**

2019 ਵਿੱਚ ਭਾਰਤ ਸਰਕਾਰ ਨੇ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇਣ ਦੇ ਦੋਸ਼ ਵਿੱਚ ਗੈਰਕਾਨੂੰਨੀ ਗਤੀਵਿਧੀਆਂ ਰੋਕਥਾਮ ਐਕਟ ਯਾਨੀ **UAPA** ਦੇ ਤਹਿਤ ਪੰਨੂ ਦੀ ਜਥੇਬੰਦੀ **SFJ** ਨੂੰ ਪਾਬੰਦੀਸ਼ੁਦਾ ਕਰ ਦਿੱਤਾ ਸੀ। ਗ੍ਰਹਿ ਮੰਤਰਾਲੇ ਨੇ ਆਪਣੇ ਨੋਟੀਫਿਕੇਸ਼ਨ ਵਿੱਚ ਕਿਹਾ ਸੀ ਕਿ ਸਿੱਖਾਂ ਲਈ ਰਾਏਸ਼ੁਮਾਰੀ ਦੀ ਆੜ ਵਿੱਚ **SFJ** ਪੰਜਾਬ ਵਿੱਚ ਵੱਖਵਾਦ ਅਤੇ ਕੱਟੜਪੰਥੀ ਵਿਚਾਰਧਾਰਾ ਦਾ ਸਮਰਥਨ ਕਰ ਰਹੀ ਹੈ। ਸਾਲ 2020 ਵਿੱਚ ਪੰਨੂ 'ਤੇ ਵੱਖਵਾਦ ਨੂੰ ਉਤਸ਼ਾਹਿਤ ਕਰਨ ਤੇ ਪੰਜਾਬੀ ਸਿੱਖ ਨੌਜਵਾਨਾਂ ਨੂੰ ਹਥਿਆਰ ਚੁੱਕਣ ਲਈ ਉਤਸ਼ਾਹਿਤ ਕਰਨ ਦੇ ਦੋਸ਼ ਲੱਗੇ ਸਨ। ਇਸ ਤੋਂ ਬਾਅਦ 1 ਜੁਲਾਈ 2020 ਨੂੰ ਕੇਂਦਰ ਸਰਕਾਰ ਨੇ ਪੰਨੂੰ ਨੂੰ ਯੂ.ਏ.ਪੀ.ਏ. ਤਹਿਤ ਅੱਤਵਾਦੀ ਐਲਾਨ ਕਰ ਦਿੱਤਾ। 2020 ਵਿੱਚ ਸਰਕਾਰ ਨੇ **SFJ** ਨਾਲ ਸਬੰਧਤ 40 ਤੋਂ ਵੱਧ ਵੈਬ ਪੇਜਾਂ ਅਤੇ **YouTube** ਚੈਨਲਾਂ 'ਤੇ ਪਾਬੰਦੀ ਲਗਾ ਦਿੱਤੀ ਸੀ।

## ਇੱਕ ਨਜ਼ਰ...





### ਬਾਬਾ ਦੀਪ ਸਿੰਘ ਜੀ ਸ਼ਹੀਦ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸ੍ਰੀ ਟਾਹਲਾ ਸਾਹਿਬ ਵਿਖੇ ਲੰਗਰ ਹਾਲ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ ਗਿਆ

**ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਮਾਨ ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਤੇ ਭਾਈ ਗੁਰਇਕਬਾਲ ਸਿੰਘ ਜੀ ਬੀਬੀ ਕੌਲਾਂ ਜੀ ਭਲਾਈ ਕੇਂਦਰ ਅੰਮ੍ਰਿਤਸਰ ਵੱਲੋਂ ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਵਾਲਿਆਂ ਦੀ ਸੇਵਾ ਦੀ ਸ਼ਲਾਘਾ ਕੀਤੀ**

ਚੱਬਾ, ਅੰਮ੍ਰਿਤਸਰ, 8 ਸਤੰਬਰ (ਆਵਾਜ਼ਿ ਕੌਮ ਬਿਊਰੋ)- ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸ੍ਰੀ ਟਾਹਲਾ ਸਾਹਿਬ, ਪਿੰਡ ਚੱਬਾ ਵਿਖੇ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਵੱਲੋਂ ਲੰਗਰ ਹਾਲ ਦੀ ਤਿੰਨ ਮੰਜ਼ਲੀ ਨਵੀਂ ਇਮਾਰਤ ਦੀ ਉਸਾਰੀ ਸੰਤ ਮਹਾਂਪੁਰਸ਼, ਨਿਹੰਗ ਸਿੰਘ ਜਥੇਬੰਦੀਆਂ ਅਤੇ ਦੇਸ਼ ਵਿਦੇਸ਼ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਾਈ ਜਾ ਰਹੀ ਹੈ। ਲੰਗਰ ਹਾਲ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਵੱਲੋਂ ਅਰਦਾਸ ਕਰਨ ਉਪਰੰਤ ਉਨ੍ਹਾਂ ਸਮੇਤ ਤਰਨਾ ਦਲ ਦੇ ਮੁਖੀ ਜਥੇਦਾਰ ਬਾਬਾ ਜੋਗਾ ਸਿੰਘ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ, ਬੀਬੀ ਕੌਲਾਂ ਭਲਾਈ ਟਰੱਸਟ ਦੇ ਮੁਖੀ ਭਾਈ ਗੁਰਇਕਬਾਲ ਸਿੰਘ ਅਤੇ ਬਾਬਾ ਗੁਰਨਾਮ ਸਿੰਘ ਡੇਰਾ ਬਾਬਾ ਭੂਰੀ ਵਾਲੇ ਵੱਲੋਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਸਾਂਝੇ ਤੌਰ 'ਤੇ ਰੱਖਿਆ ਗਿਆ। ਇਸ ਮੌਕੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਜੀ ਨੇ ਬਾਬਾ ਦੀਪ ਸਿੰਘ ਜੀ ਦੀ ਸ਼ਹੀਦੀ ਅਸਥਾਨ ਅਤੇ ਇਤਿਹਾਸ 'ਤੇ ਰੋਸ਼ਨੀ ਪਾਉਂਦਿਆਂ, ਉਨ੍ਹਾਂ ਉਕਤ ਅਸਥਾਨ ਦੀ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਅਤੇ ਤਰਨਾ ਦਲ ਦੇ ਮੁਖੀ ਬਾਬਾ ਜੋਗਾ ਸਿੰਘ ਜੀ ਦੀ ਸ਼ਲਾਘਾ ਕੀਤੀ, ਉੱਥੇ ਹੀ ਸੰਗਤ ਨੂੰ ਲੰਗਰ ਹਾਲ ਦੀ ਇਮਾਰਤ ਦੀ ਉਸਾਰੀ 'ਚ ਵੱਧ ਚੜ੍ਹ ਕੇ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ। ਇਸ ਮੌਕੇ ਆਈਆਂ ਵਿਸ਼ੇਸ਼ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਟਰੱਸਟ ਦੇ ਪ੍ਰਧਾਨ ਸ. ਕਸ਼ਮੀਰ ਸਿੰਘ, ਭਾਈ ਬਲਦੇਵ ਸਿੰਘ ਇੰਡੀਆ ਬੈਟਰੀ, ਗਿਆਨੀ ਸੂਰਤਾ ਸਿੰਘ, ਪ੍ਰੋ. ਸਰਚਾਂਦ ਸਿੰਘ , ਭਾਈ ਹਰਦੇਵ ਸਿੰਘ ਸਰਪੰਚ, ਰਣਦੀਪ ਸਿੰਘ ਗੁਰੂਵਾਲੀ, ਮੈਨੇਜਰ ਹਰਦੇਵ ਸਿੰਘ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਮੈਨੇਜਰ ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ ਤੇੜਾ, ਨਿੱਕੂ ਵੀਰ ਜੀ ਭਲਾਈ ਕੇਂਦਰ, ਸ. ਸੁਰਜੀਤ ਸਿੰਘ, ਬਲਬੀਰ ਸਿੰਘ ਚਬਾ, ਹਰਪਾਲ ਸਿੰਘ ਚੱਬਾ, ਭਾਈ ਬਲਜੀਤ ਸਿੰਘ, ਬਾਬਾ ਗੁਰਨਾਮ ਸਿੰਘ ਅਟਾਰੀ, ਭਾਈ ਜਸਬੀਰ ਸਿੰਘ ਗੋਰਾ, ਬਲਜੀਤ ਸਿੰਘ , ਦਿਲਬਾਗ ਸਿੰਘ, ਸੁਖ ਸਾਗਰ ਸਿੰਘ, ਭਾਈ ਗੁਰਾ ਸਿੰਘ ਜੋੜਾਘਰ, ਬੱਲਾ ਸਿੰਘ ਵਰਪਾਲ, ਮਨਜੀਤ ਸਿੰਘ, ਗੁਰਸੇਵਕ ਸਿੰਘ, ਭਾਈ ਲਾਲ ਸਿੰਘ ਅਤੇ ਗੁਰਸ਼ਰਨ ਸਿੰਘ ਸਮੇਤ ਭਾਰੀ ਸੰਖਿਆ 'ਚ ਸੰਗਤ ਮੌਜੂਦ ਸਨ।

### ਰੋਟਰੀ ਕਲੱਬ ਫ਼ਿਰੋਜ਼ਪੁਰ ਰੋਆਇਲ ਨੇ ਨਿਵੇਕਲੇ ਅੰਦਾਜ਼ ਵਿਚ ਅਧਿਆਪਕਾਂ ਦਾ ਕੀਤਾ ਸਨਮਾਨ



ਫ਼ਿਰੋਜ਼ਪੁਰ, 8 ਸਤੰਬਰ (ਮਨੋਹਰ ਲਾਲ) : ਆਜ਼ਾਦ ਭਾਰਤ ਦੇ ਪਹਿਲੇ ਉਪ ਰਾਸ਼ਟਰਪਤੀ ਅਤੇ ਦੂਸਰੇ ਰਾਸ਼ਟਰਪਤੀ ਸਰਵਪਲੀ ਰਾਧਾ ਕ੍ਰਿਸ਼ਨਨ ਜੀ ਦਾ ਜਨਮ ਦਿਹਾੜਾ ਪੰਜ ਸਤੰਬਰ ਪੂਰੇ ਭਾਰਤ ਵਿੱਚ ਅਧਿਆਪਕ ਦਿਵਸ ਦੇ ਤੌਰ ਤੇ ਮਨਾਇਆ ਜਾਂਦਾ ਹੈ, ਇਸ ਦੇ ਚਲਦੇ ਫਿਰੋਜ਼ਪੁਰ ਦੀ ਕੌਮਾਂਤਰੀ ਪੱਧਰ ਦੀ ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਫਿਰੋਜ਼ਪੁਰ ਰੋਆਇਲ ਵੱਲੋਂ ਵੀ ਇਹ ਦਿਹਾੜਾ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਨਵੇਕਲੇ ਢੰਗ ਨਾਲ ਅਧਿਆਪਕ ਦਿਵਸ ਮਨਾਉਂਦਿਆਂ ਰੋਟਰੀ ਕਲੱਬ ਫ਼ਿਰੋਜ਼ਪੁਰ ਵੱਲੋਂ ਕਰੀਬ 11 ਰਿਟਾਇਰ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ, ਜਿਸ ਵਿੱਚ ਸ੍ਰੀ ਨਰਿੰਦਰ ਕੁਮਾਰ ਮੌਂਗਾ, ਸ੍ਰੀ ਬ੍ਰਿਜ ਭੂਸ਼ਣ ਭੰਡਾਰੀ, ਸ੍ਰੀ ਸੁਰਿੰਦਰ ਕੁਮਾਰ ਸ਼ਾਸਤਰੀ, ਸ਼੍ਰੀਮਤੀ ਰਾਣੀ ਜਿੰਦਲ, ਸ਼੍ਰੀ ਵਿਪਨ ਕੁਮਾਰ ਸ਼ਰਮਾ, ਸ਼੍ਰੀ ਮਦਨ ਲਾਲ ਤਿਵਾੜੀ, ਸ੍ਰੀ ਬਰਜਿੰਦਰ ਮਿੱਤਲ, ਸ਼੍ਰੀਮਤੀ ਦਇਆ ਮਿੱਤਲ, ਸ਼੍ਰੀਮਤੀ ਸਰੋਜ ਗੁਪਤਾ, ਸ੍ਰੀਮਤੀ ਸੁਨੀਤਾ ਮਨਚੰਦਾ, ਸ੍ਰੀ ਕਲਬੂਸ਼ਨ ਗੌਤਮ ਆਦਿ ਰਿਟਾਇਰ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ। ਰੋਟਰੀ ਕਲੱਬ ਫਿਰੋਜਪੁਰ ਰੋਇਲ ਦੇ ਪ੍ਰਧਾਨ ਰੋਟੇਰੀਅਨ ਵਿਜੇ ਮੌਂਗਾ ਦੀ ਅਗਵਾਈ ਵਿੱਚ ਕਰਾਏ ਇਸ ਸਾਦੇ ਪਰ ਪ੍ਰਭਾਵਸ਼ਾਲੀ ਪ੍ਰੋਗਰਾਮ ਵਿੱਚ ਪਹਿਲਾ ਇਨ੍ਹਾਂ ਅਧਿਆਪਕਾਂ ਦੀ ਗੁਰੂ ਪੂਜਾ ਕੀਤੀ ਗਈ ਜਿਸ ਵਿੱਚ ਸਮੂਹ ਮੈਂਬਰਾਂ ਦੁਆਰਾ ਤਿਲਕ ਲਗਾ ਕੇ ਹਾਰ ਪਹਿਨਾ ਕੇ ਆਰਤੀ ਕੀਤੀ ਗਈ ਅਤੇ ਉਸ ਤੋਂ ਬਾਅਦ ਇਨ੍ਹਾਂ ਅਧਿਆਪਕਾਂ ਨੂੰ ਸਨਮਾਨ ਚਿੰਨ ਅਤੇ ਗਰਮ ਲੋਈ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਲੱਬ ਦੇ ਸੈਕਟਰੀ ਰਾਕੇਸ਼ ਮਨਚੰਦਾ, ਪੀਆਰਓ ਸੁਖਵਿੰਦਰ ਸਿੰਘ ਪਰੈਟੀ, ਪ੍ਰੋਜੈਕਟ ਚੇਅਰਮੈਨ ਰਾਜੀਵ ਸ਼ਰਮਾ ਤੋਂ ਇਲਾਵਾ ਉਪ ਪ੍ਰਧਾਨ ਸੰਦੀਪ ਅਗਰਵਾਲ, ਸਾਬਕਾ ਪ੍ਰਧਾਨ ਗੋਪਾਲ ਸਿੰਘਲਾ, ਅਸ਼ੋਕ ਪਸਰਿਜਾ, ਵਿਪਨ ਅਰੋੜਾ ਦੁਆਰਾ ਅਧਿਆਪਕਾਂ ਦਾ ਸਨਮਾਨ ਕੀਤਾ ਗਿਆ।


ITHIHAAS KATHA
GIANI BALVINDER SINGH 'RODE'
HEAD GRANTHI
GURDWARA SANT KHALSA JANAM ASTHAN
SANT JARNAIL SINGH KHALSA BHINDRANWALE
7-8PM
MON 9TH - THURSDAY 12TH SEPTEMBER
10:30AM - 11:15AM
SUNDAY 15TH SEPTEMBER
ਆਵਾਜ਼ਿ ਕੌਮ
AWAZE QAUM
International Newspaper & WEB TV
SRI GURU SINGH SABHA, SHEEHY WAY, SLOUGH, SL2 5SS

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ



ਸ੍ਰੀ ਅਕਾਲ ਤਖ਼ਤ ਸਾਹਿਬ | ਤਖ਼ਤ ਸ੍ਰੀ ਪਟਨਾ ਸਾਹਿਬ | ਤਖ਼ਤ ਸ੍ਰੀ ਕੇਸਗੜ੍ਹ ਸਾਹਿਬ | ਤਖ਼ਤ ਸ੍ਰੀ ਦਮਦਮਾ ਸਾਹਿਬ | ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ


| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੌਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

---

ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---

## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST
LUNCH
DINNER

**OUR SPECIALIZATION :** Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


---

## ਪੰਜਾਬੀ ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

Love Maa Boli Punjabi

| | | | | | |
|---|---|---|---|---|---|
| ੳ | ਅ | ੲ | ਸ | ਹ | |
| ਕ | ਖ | ਗ | ਘ | ਙ | |
| ਚ | ਛ | ਜ | ਝ | ਞ | |
| ਟ | ਠ | ਡ | ਢ | ਣ | |
| ਤ | ਥ | ਦ | ਧ | ਨ | |
| ਪ | ਫ | ਬ | ਭ | ਮ | |
| ਯ | ਰ | ਲ | ਵ | ੜ | |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

| | | | |
|---|---|---|---|
| ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ |
| ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ |
| ੋ ਹੋੜਾ | ੌ ਕਨੌੜਾ | ੰ ਟਿੱਪੀ | ਂ ਕੰਨਾ-ਬਿੰਦੀ |

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

**Learn Speak Read Write PUNJABI**


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621



# ਬਾਬਾ ਜੰਗ ਸਿੰਘ ਜੀ ਮੁਸਤਫ਼ਾਬਾਦ ਵਾਲੇ

ਬੰਦੀ ਸਿੰਘ ਰਿਹਾਈ ਮੋਰਚੇ ਦੇ ਮੁੱਖੀ **ਬਾਬਾ ਜੰਗ ਸਿੰਘ ਜੀ ਮੁਸਤਫ਼ਾਬਾਦ ਵਾਲਿਆਂ** ਦਾ ਦਸਿਹਰਾ ਸਮਾਗਮ **ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ 14 ਸਤੰਬਰ** ਨੂੰ ਹੋਵੇਗਾ

ਸਮੂਹ ਸਿੱਖ ਸੰਸਥਾਵਾਂ ਜਥੇਬੰਦੀਆਂ ਅਤੇ ਪੰਥਿਕ ਸ਼ਖਸੀਅਤਾ ਨੂੰ ਹਾਜ਼ਰੀ ਭਰਨ ਦੀ ਹੱਥ ਜੋੜ ਬੇਨਤੀ ਕਰਦੇ ਹਾਂ।

## --: ਜਾਰੀ ਕਰਤਾ :---

**ਭਾਈ ਸੁਰਿੰਦਰ ਸਿੰਘ ਠੀਕਰੀਵਾਲ**
**ਭਾਈ ਰਮਨਦੀਪ ਸਿੰਘ ਬੱਗਾ (ਤਿਹਾੜ ਜੇਲ੍ਹ)**
**ਭਾਈ ਹਰਦੀਪ ਸਿੰਘ ਸ਼ੇਰਾ (ਤਿਹਾੜ ਜੇਲ੍ਹ)**
**ਭਾਈ ਇਕਬਾਲਪ੍ਰੀਤ ਸਿੰਘ ਭੁੱਚੀ**



## ਬਾਬਾ ਜੰਗ ਸਿੰਘ ਜੀ ਮੁਸਤਫ਼ਾਬਾਦ ਵਾਲੇ

ਬੰਦੀ ਸਿੰਘ ਰਿਹਾਈ ਮੋਰਚੇ ਦੇ ਮੁੱਖੀ **ਬਾਬਾ ਜੰਗ ਸਿੰਘ ਜੀ ਮੁਸਤਫ਼ਾਬਾਦ ਵਾਲਿਆਂ** ਦਾ ਦਸਿਹਰਾ ਸਮਾਗਮ **ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ 14 ਸਤੰਬਰ** ਨੂੰ ਹੋਵੇਗਾ

ਸਮੂਹ ਸਿੱਖ ਸੰਸਥਾਵਾਂ ਜਥੇਬੰਦੀਆਂ ਅਤੇ ਪੰਥਿਕ ਸ਼ਖਸੀਅਤਾ ਨੂੰ ਹਾਜ਼ਰੀ ਭਰਨ ਦੀ ਹੱਥ ਜੋੜ ਬੇਨਤੀ ਕਰਦੇ ਹਾਂ।

### --: ਜਾਰੀ ਕਰਤਾ :---

**ਭਾਈ ਲਖਵਿੰਦਰ ਸਿੰਘ ਲੱਖਾ**
**ਭਾਈ ਸੁਰਿੰਦਰ ਸਿੰਘ ਠੀਕਰੀਵਾਲ**
**ਭਾਈ ਜੈਮਲ ਸਿੰਘ ਦਮਦਮੀ ਟਕਸਾਲ**

# ਸਿੱਖ ਫੈਡਰੇਸ਼ਨ ਯੂ.ਕੇ. ਦੀ 40ਵੀਂ ਸਾਲਾਨਾ ਅੰਤਰਰਾਸ਼ਟਰੀ ਸਿੱਖ ਕਨਵੈਨਸ਼ਨ 15 ਸਤੰਬਰ 2024 ਨੂੰ


ਸੰਤ ਜਰਨੈਲ ਸਿੰਘ ਭਿੰਡਰਾਂਵਾਲੇ

## ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜ਼ਲੀ ਸਟਰੀਟ, ਵੁਲਵਰਹੈਂਪਟਨ ਯੂ.ਕੇ. ਵਿਖੇ ਪਹੁੰਚਣ ਦਾ ਖੁੱਲ੍ਹਾ ਸੱਦਾ

ਗੁਰੂ ਪਿਆਰੀ ਸਾਧ ਸੰਗਤ ਜੀਓ

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ ॥

15 ਸਤੰਬਰ 2024 ਦਿਨ ਐਤਵਾਰ ਸਵੇਰੇ 10.00 ਵਜੇ ਤੋਂ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜ਼ਲੀ ਸਟਰੀਟ, ਵੁਲਵਰਹੈਂਪਟਨ ਯੂ.ਕੇ. ਵਿਖੇ ਸਿੱਖ ਫੈਡਰੇਸ਼ਨ ਯੂ.ਕੇ. ਵਲੋਂ 40ਵੀਂ ਸਾਲਾਨਾ ਕਨਵੈਨਸ਼ਨ ਕਰਵਾਈ ਜਾ ਰਹੀ ਹੈ। ਸਿੱਖ ਫੈਡਰੇਸ਼ਨ (ਯੂ.ਕੇ.) ਦੀ ਰਾਜਸੀ ਅਗਵਾਈ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਇਸ ਦੇ ਜਥੇਬੰਦਕ ਢਾਂਚੇ ਵਿਚ ਕੀਤੀ ਜਾ ਰਹੀ ਤਬਦੀਲੀ ਦਾ ਐਲਾਨ ਕੀਤਾ ਜਾਵੇਗਾ। ਜਿਸ ਵਿਚ ਪੰਥ ਪ੍ਰਧਾਨੀ ਪ੍ਰਣਾਲੀ, ਰਾਸ਼ਟਰੀ ਕਾਰਜਕਾਰੀ ਟੀਮ, ਬਰਤਾਨਵੀ ਨੌਜਵਾਨਾਂ ਦੀ ਯੋਗ ਅਗਵਾਈ ਅਤੇ ਬੀਬੀਆਂ ਦੇ ਕੰਮਕਾਜੀ ਵਿੰਗ ਦਾ ਐਲਾਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ, ਸਿੱਖ ਕਾਰਕੁੰਨਾਂ ਨੂੰ ਨਿਸ਼ਾਨਾ ਬਣਾਏ ਜਾਣ ਦੇ ਮਾਮਲਿਆਂ ਤੋਂ ਇਲਾਵਾ ਸਿੱਖ ਹੋਮਲੈਂਡ ਦੀ ਪੁਨਰ ਸਥਾਪਨਾ ਸੰਬੰਧੀ ਵਿਚਾਰ ਪੇਸ਼ ਕੀਤੇ ਜਾਣਗੇ। ਸਿੱਖ ਚੋਣ ਮਨੋਰਥ ਪੱਤਰ ਵਿਚ ਦਰਜ ਮੰਗਾਂ ਅਤੇ ਲੇਬਰ ਸਰਕਾਰ ਦੇ ਵਾਅਦਿਆਂ 'ਤੇ ਚਰਚਾ ਕੀਤੀ ਜਾਵੇਗੀ। ਆਜ਼ਾਦੀ ਪਸੰਦ ਅਤੇ ਸੰਘਰਸ਼ੀ ਬੁਲਾਰੇ ਵਿਸ਼ਵ ਭਰ ਤੋਂ ਪਹੁੰਚ ਰਹੇ ਹਨ।

Guru Nanak Sikh Gurdwara, Sedgley Street Wolverhampton, Ph : 01902 459413

ਵਧੇਰੇ ਜਾਣਕਾਰੀ ਲਈ :

ਭਾਈ ਅਮਰੀਕ ਸਿੰਘ ਗਿੱਲ ਚੇਅਰਮੈਨ 07860633488
ਭਾਈ ਕੁਲਦੀਪ ਸਿੰਘ ਸੀਨੀਅਰ ਵਾਈਸ ਚੇਅਰਮੈਨ 07938633554
ਭਾਈ ਨਰਿੰਦਰਜੀਤ ਸਿੰਘ ਥਾਂਦੀ ਜਨਰਲ ਸੈਕਟਰੀ 01474 536393
ਭਾਈ ਦਬਿੰਦਰਜੀਤ ਸਿੰਘ ਮੁੱਖ ਸਲਾਹਕਾਰ 07485039944
ਹਰਦੀਸ਼ ਸਿੰਘ ਮੁੱਖ ਪ੍ਰਬੰਧਕ 07886781724


ਸ਼ਹੀਦ ਭਾਈ ਅਮਰੀਕ ਸਿੰਘ

ਜਾਰੀ ਕਰਤਾ : ਸਿੱਖ ਫੈਡਰੇਸ਼ਨ ਯੂ.ਕੇ.

www.sikhfeduk.com
Email : info@sikhfeduk.com
Facebook/Sikh Federation UK
twitter@sikhfeduk




## ਸ਼ਹੀਦ ਭਾਈ ਦਿਲਬਾਗ ਸਿੰਘ ਜੀ ਬਰਾੜ ਲੈਫਟੀਨੈਂਟ ਕਮਾਂਡਰ, ਕਮਾਂਡੋ ਫੋਰਸ ਦੀ ਸੁਪਤਨੀ ਮਾਤਾ ਮਨਜੀਤ ਕੌਰ ਸਮੁੱਚੇ ਪਰਿਵਾਰ ਸਮੇਤ

# ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਨੂੰ ਮਿਲੇ









ਸਤਿਕਾਰਯੋਗ ਸ਼ਹੀਦ ਭਾਈ ਦਿਲਬਾਗ ਸਿੰਘ ਜੀ ਬਰਾੜ ਲੈਫਟੀਨੈਂਟ ਕਮਾਂਡਰ, ਕਮਾਂਡੋ ਫੋਰਸ ਪਿੰਡ ਦੇਵੀਦਾਸਪੁਰ ਉਹਨਾਂ ਦੇ ਧਰਮ ਸੁਪਤਨੀ ਮਾਤਾ ਮਨਜੀਤ ਕੌਰ ਜੀ ਦਾ ਸਮੁੱਚੇ ਪ੍ਰਵਾਰ ਸਮੇਤ ਅੱਜ ਦਮਦਮੀ ਟਕਸਾਲ ਦੇ ਹੈੱਡਕੁਆਟਰ ਗੁ: ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਮਹਾਂਪੁਰਸ਼ ਸ੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਨੂੰ ਮਿਲਣ ਲਈ ਪਹੁੰਚੇ । ਸ਼ਹੀਦ ਭਾਈ ਦਿਲਬਾਗ ਸਿੰਘ ਜੀ ਦੇ ਸਪੁੱਤਰ ਭਾਈ ਤੇਗਬੀਰ ਸਿੰਘ ਜੀ , ਭਾਈ ਰਣਸ਼ੇਰ ਸਿੰਘ ਜੀ ਦਾ ਮਹਾਂਪੁਰਸ਼

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨਾਲ ਅਥਾਹ ਪ੍ਰੇਮ ਹੈ । ਮਾਤਾ ਮਨਜੀਤ ਕੌਰ ਜੀ ਨਾਲ ਮਾਤਾ ਕਰਮਜੀਤ ਕੌਰ ਜੀ ਡੇਹਰੀਵਾਲ ਚੇਅਰਮੈਨ ਸ ਸੁਖਜੀਤ ਸਿੰਘ ਜੀ ਸਮੁੱਚਾ ਸ਼ਹੀਦ ਪ੍ਰਵਾਰ ਦਮਦਮੀ ਟਕਸਾਲ ਦੇ ਹੈੱਡਕੁਆਟਰ ਗੁ: ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਦਰਸ਼ਨ ਦੀਦਾਰ ਕਰਨ ਤੋਂ ਉਪਰੰਤ ਮਹਾਂਪੁਰਸ਼ ਸ੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਵੱਲੋਂ ਸਮੁੱਚੇ ਸ਼ਹੀਦ ਪ੍ਰਵਾਰ ਦਾ ਸਿਰੋਪਾਉ ਦੁਆਰਾ ਸਨਮਾਨ ਕੀਤਾ।



1984
2024
ਸਲਾਨਾ ਨੈਸ਼ਨਲ ਸਿੱਖ ਕਨਵੈਨਸ਼ਨ
ਸਿੱਖ ਫੈਡਰੇਸ਼ਨ (ਯੂਕੇ) SIKH FEDERATION (UK)
Sikh Federation UK
NATIONAL SIKH CONVENTION
Highlighting the issues facing the Sikh Community & leading the campaign for re-establishing a Sikh homeland
SUNDAY 15 SEPTEMBER 2024
ਸਿੱਖ ਫੈਡਰੇਸ਼ਨ (ਯੂਕੇ) ਦੀ 40ਵੀਂ ਸਲਾਨਾ ਕਨਵੈਨਸ਼ਨ 15 ਸਤੰਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ, ਸੈਜਲੀ ਸਟਰੀਟ, ਵੁਲਵਰਹੈਂਪਟਨ ਵਿਖੇ ਹੋ ਰਹੀ ਹੈ।
ਪ੍ਰੋਗਰਾਮ: ਆਰੰਭ ਸ੍ਰੀ ਅਖੰਡ ਪਾਠ ਸਾਹਿਬ 13 ਸਤੰਬਰ 10 ਵਜੇ ਅਤੇ ਭੋਗ 15 ਸਤੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਉਪਰੰਤ ਵੱਖ ਵੱਖ ਦੇਸ਼ਾਂ ਤੋਂ ਆਏ ਪੰਥਕ, ਰਾਜਨੀਤਕ ਅਤੇ ਧਾਰਮਿਕ ਬੁਲਾਰਿਆਂ ਦੇ ਨਾਲ ਪੰਥ ਦੇ ਮਹਾਨ ਕੀਰਤਨੀ, ਢਾਡੀ ਅਤੇ ਕਵੀਸ਼ਰੀ ਜਥੇ ਪਹੁੰਚ ਰਹੇ ਹਨ।
ਸਮੂੰਹ ਸੰਗਤਾਂ ਨੂੰ ਸਨਿਮਰ ਬੇਨਤੀ ਹੈ ਕਿ 15 ਸਤੰਬਰ ਦਿਨ ਐਤਵਾਰ 10 ਵਜੇ ਕਨਵੈਨਸ਼ਨ ਵਿਚ ਪਹੁੰਚ ਕੇ ਪੰਥਕ ਵਿਚਾਰਾਂ ਸਰਵਣ ਕਰੋ ਜੀ।
Sri Akhand Paath Sahib Arambh: Fri 13th at 10am
Bhog: Sun 15th at 10am
• Open invitation to all Panthic Organisations and Gurdwaras
• Special guest Panthic & Political speakers from the UK and Internationally
• Release of the 2023-24 SFUK Annual Report
40 YEARS
GURU NANAK GURDWARA
SEDGLEY ST, WOLVERHAMPTON
WV2-3AJ
ਖਾਲਿਸਤਾਨ KHALISTAN
FOR FURTHER INFORMATION CONTACT:
Bhai Amrik Singh Chairperson 07860 633 488
Bhai Kuldeep Singh Vice Chairperson 07938 633 554
Contact your local Gurdwara regarding transport arrangements
Bhai Hardish Singh Chief Organiser 07886 781724
Bhai Dabinderjit Singh Principle Advisor 07485 039944
info@sikhfeduk.com www.sikhfeduk.com Sikh Federation UK @Sikhfeduk @SikhFed_UK

## ਇੱਕ ਨਜ਼ਰ . . .



## ਵਿਧਾਇਕ ਅਮਰਪਾਲ ਸਿੰਘ ਦੇ ਵੱਲੋਂ ਕਰਵਾਏ ਜਾ ਰਹੇ ਹਨ ਜੰਗੀ ਪੱਧਰ ਤੇ ਵਿਕਾਸ ਕਾਰਜ

ਸ੍ਰੀ ਹਰਗੋਬਿੰਦਪੁਰ ਸਾਹਿਬ, 8 ਸਤੰਬਰ (ਕੁਲਜੀਤ ਸਿੰਘ ਖੋਖਰ)–ਵਿਧਾਨ ਸਭਾ ਹਲਕਾ ਸ਼੍ਰੀ ਹਰਗੋਬਿੰਦਪੁਰ ਸਾਹਿਬ ਤੋਂ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਦੇ ਵੱਲੋਂ ਹਲਕੇ ਦੇ ਵਿੱਚ ਵਿਕਾਸ ਕਾਰਜਾਂ ਦੀ ਹਨੇਰੀ ਲਿਆਂਦੀ ਜਾ ਰਹੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਗੌਰਵ ਕਾਲੀਆ ਅਤੇ ਦਵਿੰਦਰ ਰਿਆੜ ਦੇ ਵੱਲੋਂ ਕੀਤਾ ਗਿਆ। ਉਹਨਾਂ ਦੱਸਿਆ ਕਿ ਵਿਧਾਇਕ ਅਮਰਪਾਲ ਸਿੰਘ ਦੀ ਅਗਵਾਈ ਵਿੱਚ ਹਲਕੇ ਦੇ ਪਿੰਡਾਂ ਦੇ ਵਿਕਾਸ ਕਾਰਜ ਜੰਗੀ ਪੱਧਰ ਤੇ ਕਰਵਾਏ ਜਾ ਰਹੇ ਹਨ ਜਿਸ ਦੇ ਤਹਿਤ ਗੁਰਦੁਆਰਾ ਸਾਹਿਬ ਵਾਲੀ ਗਲੀ ਨੂੰ ਬਣਾਇਆ ਜਾ ਰਿਹਾ ਜੋ ਕਿ ਪਿਛਲੇ 15 ਸਾਲਾਂ ਤੋਂ ਕੰਮ ਨਹੀਂ ਸੀ ਹੋਇਆ। ਅਤੇ ਵਿਰੋਧੀ ਪਾਰਟੀਆਂ ਦੇ ਵੱਲੋਂ ਕਦੇ ਵੀ ਇਸ ਨੂੰ ਬਣਾਉਣ ਦੇ ਵਿੱਚ ਮੁਨਾਸਬ ਨਹੀਂ ਸਮਝਿਆ ਪਰ ਐਡਵੋਕੇਟ ਅਮਰਪਾਲ ਦੇ ਵੱਲੋਂ ਇਸ ਗਲੀ ਨੂੰ ਬਣਾਉਣ ਦੇ ਲਈ ਲੋਕਾਂ ਦੀ ਇਸ ਮੰਗ ਨੂੰ ਪੂਰਾ ਕਰ ਦਿੱਤਾ ਗਿਆ । ਉਹਨਾਂ ਕਿਹਾ ਕਿ ਹੋਰ ਵੀ ਜਿੰਨੇ ਵਿਕਾਸ ਕਾਰਜ ਹਲਕੇ ਦੇ ਵਿੱਚ ਹੋਣ ਵਾਲੇ ਹਨ ਉਹਨਾਂ ਨੂੰ ਪੰਚਾਇਤੀ ਚੋਣਾਂ ਤੋਂ ਪਹਿਲਾਂ ਪਹਿਲਾਂ ਨੇਪੜੇ ਚਾੜ ਦਿੱਤਾ ਜਾਵੇਗਾ। ਇਸ ਦੌਰਾਨ ਵਿਧਾਇਕ ਅਮਰਪਾਲ ਸਿੰਘ ਨੇ ਕਿਹਾ ਕਿ ਹਲਕਾ ਸ਼੍ਰੀ ਹਰਗੋਬਿੰਦਪੁਰ ਦੇ ਵੱਖ-ਵੱਖ ਥਾਵਾਂ ਤੇ ਅਤੇ ਸਮੁੱਚੇ ਹਲਕੇ ਦੇ ਵਿਕਾਸ ਕਾਰਜਾਂ ਲਈ ਪੈਸੇ ਦੀ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਬਿਨਾਂ ਭੇਦਭਾਵ ਤੋਂ ਸਮੁੱਚੇ ਹਲਕੇ ਦੇ ਵਿਕਾਸ ਕਾਰਜ ਜੰਗੀ ਪੱਧਰ ਤੇ ਕਰਵਾਏ ਜਾਣਗੇ ।ਇਸ ਮੌਕੇ ਆਪ ਆਗੂਆਂ ਨੇ ਕਿਹਾ ਕਿ ਵਿਧਾਇਕ ਅਮਰਪਾਲ ਦੇ ਵੱਲੋਂ ਲਗਾਤਾਰ ਲੋਕਾਂ ਦੇ ਨਾਲ ਮੀਟਿੰਗਾਂ ਕਰਕੇ ਲੋਕਾਂ ਦੀਆਂ ਮੁਸ਼ਿਕਲਾਂ ਨੂੰ ਸੁਣਿਆ ਜਾ ਰਿਹਾ ਅਤੇ ਉਹਨਾਂ ਦੇ ਮੁਸ਼ਿਕਲਾਂ ਦਾ ਹੱਲ ਵੀ ਮੌਕੇ ਤੇ ਹੀ ਕੀਤਾ ਜਾ ਰਿਹਾ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੌਰਵ ਕਾਲੀਆ, ਦਵਿੰਦਰ ਸਿੰਘ, ਜਤਿੰਦਰ ਸਿੰਘ ,ਕਰਨ, ਵਿੱਕੀ, ਸੋਨੂ, ਸੁਖਰਾਜ ਸਿੰਘ ,ਅਤੇ ਉਨਾਂ ਦੇ ਸਾਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਚਾਰ ਆਪੋ-ਆਪਣੇ

ਏਸੇ ਕਰਕੇ ਮੈਂ ਹਮੇਸ਼ਾ ਕਹਿੰਦਾ ਕਿ ਬੀਤੇ ਦੀ ਲਹਿਰ ਦੀ ਪੜਚੋਲ ਕਰਨੀ ਬਹੁਤ ਜ਼ਰੂਰੀ ਹੈ ।ਪਰ ਹੋ ਇਸ ਦੇ ਬਿਲਕੁਲ ਉਲਟ ਰਿਹਾ ਹੈ ।ਲਹਿਰ ਦਾ ਆਦਰਸ਼ੀਕਰਨ ਕਰਕੇ ਸਚਾਈ ਨੂੰ ਬਿਲਕੁਲ ਅੱਖੋ-ਪਰੋਖੇ ਕੀਤਾ ਜਾ ਰਿਹਾ ਹੈ ।ਜੋ ਥੋੜਾ ਬਹੁਤ ਪੜਚੋਲ ਜਾਂ ਆਲੋਚਨਾਤਮਿਕ ਨਜ਼ਰੀਆ ਵਜੋਂ ਦਿਖਾਈ ਦਿੰਦਾ ਹੈ ,ਉਹ ਸਭ ਯਤਨ ਵੀ ਥੜੇਬੰਦਕ ਬਿਰਤੀਆਂ ਤਹਿਤ ਕੀਤੇ ਜਾ ਰਹੇ ਹਨ ।ਬੀਤੇ ਦੀ ਲਹਿਰ ਵਿੱਚ ਸ਼ਾਮਲ ਰਹੀ ਨੌਜਵਾਨੀ ਕੋਲ ਸਿਆਸੀ ਸੂਝ ਬੂਝ ਦੀ ਬਹੁਤ ਵੱਡੀ ਘਾਟ ਸੀ ।ਮੈਂ ਇਹ ਘਾਟ ਸ਼ੋਸਲ ਮੀਡੀਏ ਉੱਪਰ ਸਰਗਰਮ ਅੱਜ ਦੀ ਨੌਜਵਾਨੀ ਵਿੱਚ ਦੇਖਦਾ ਹਾਂ ।ਸਾਡੇ ਨੌਜਵਾਨਾਂ ਦੀ ਪਹੁੰਚ ਹਮੇਸ਼ਾ ਉਲਾਰੂ ਅਤੇ ਪਲਾਂ ਵਿੱਚ ਭੜਕਾਊ ਸਥਿਤੀ ਵਿੱਚ ਪਹੁੰਚ ਜਾਣ ਵਾਲੀ ਹੁੰਦੀ ਹੈ ।ਅਜਿਹੀ ਮਨੁੱਖੀ ਬਿਰਤੀ ਦਰਪੇਸ਼ ਹਾਲਾਤ ਦੀ ਸਹੀ ਸਮੀਖਿਆ ਕਰਕੇ ਸੱਚ ਦੀ ਤਹਿ ਤੱਕ ਪਹੁੰਚਣ ਤੋ ਹਮੇਸ਼ਾ ਅਸਮਰਥ ਰਹਿੰਦੀ ਹੈ ।ਏਸੇ ਕਰਕੇ ਸਾਡੇ ਭਾਈਚਾਰੇ ਵਿੱਚ ਸਿਆਸੀ ਸੂਝਬੂਝ ਵਾਲੇ ਆਗੂ ਦੀ ਬਜਾਏ ਮਾਅਰੇਬਾਜ਼ ਸੁਭਾਅ ਵਾਲੇ ਆਗੂ ਜ਼ਿਆਦਾ ਸਫਲ ਹੁੰਦੇ ਹਨ ।ਪਿੱਛੇ ਜਿਹੇ ਭਾਈ ਗਜਿੰਦਰ ਸਿੰਘ ਅਤੇ ਪਰਮਜੀਤ ਸਿੰਘ ਪੰਜਵੜ ਇਸ ਜਹਾਨ ਤੋਂ ਕੂਚ ਕਰ ਗਏ ।ਦੇਖਣ ਵਿੱਚ ਇਹ ਆਇਆ ਕਿ ਅਸੀ ਦੋਹਾਂ ਸ਼ਖਸੀਅਤਾਂ ਨੂੰ ਇੱਕੋ ਤੱਕੜੀ ਵਿੱਚ ਪਾ ਕੇ ਤੋਲਿਆ ਅਤੇ ਜ਼ਿੰਦਗੀ ਵਿੱਚ ਉਹਨਾਂ ਦੋਹਾਂ ਵੱਲੋਂ ਕੌਮੀ ਖੇਤਰ ਵਿੱਚ ਝੱਲੇ ਦੁੱਖ ਅਤੇ ਕੁਰਬਾਨੀ ਦੀ ਗੱਲ ਕੀਤੀ ।ਅਜਿਹੇ ਕਰਦੇ ਹੋਏ ਅਸੀਂ ਇਹ ਬਿਲਕੁਲ ਵਿਸਾਰ ਦਿੱਤਾ ਕਿ ਕਿਸੇ ਵੀ ਵਿਅਕਤੀ ਦੀ ਵਿਚਾਰਧਾਰਾ ਉਸਦੀ ਜ਼ਿੰਦਗੀ ਦਾ ਸਭ ਤੋਂ ਮਹੱਤਵਪੂਰਨ ਪੱਖ ਹੁੰਦਾ ਹੈ ।ਅਸੀ ਉਹਨਾਂ ਦੋਹਾਂ ਦੀ ਵਿਚਾਰਧਾਰਾ ਅਤੇ ਉਸਤੋਂ ਉਪਜਣ ਵਾਲੇ ਅਮਲਾਂ ਦਾ ਜ਼ਿਕਰ ਤੱਕ ਨਹੀਂ ਕੀਤਾ ।ਵਿਚਾਰਧਾਰਕ ਪੱਖੋ ਭਾਈ ਗਜਿੰਦਰ ਸਿੰਘ ਅਤੇ ਭਾਈ ਪੰਜਵੜ ਬਿਲਕੁਲ ਉਲਟ ਦਿਸ਼ਾ ਵਿੱਚ ਚੱਲਣ ਵਾਲੀਆਂ ਧਰਾਵਾਂ ਸਨ ।ਬੀਤੇ ਦੀ ਲਹਿਰ ਵਿੱਚ ਭਾਈ ਗਜਿੰਦਰ ਸਿੰਘ ਦੀ ਸੋਚ ਵਾਲੀ ਧਾਰਾ ਨੂੰ ਤਾਕਤ ਦੇ ਜ਼ੋਰ ਨਾਲ ਖੁੰਜੇ ਲਾ ਕੇ ਰੱਖਿਆ ਗਿਆ ,ਜਿਸਦੀ ਬਦੌਲਤ ਸਾਨੂੰ ਬਰਬਾਦੀ ਝੱਲਣੀ ਪਈ ।ਸਾਡੇ ਲਈ ਇਹ ਸਮਝਣਾ ਬਹੁਤ ਜ਼ਰੂਰੀ ਹੈ ਕਿ ਕੌਮ ਲਈ ਕੋਈ ਕੁਰਬਾਨੀ ਕਰਨਾ ਅਤੇ ਸਿਆਸੀ ਸੂਝ ਬੂਝ ,ਇਮਾਨਦਾਰੀ ਅਤੇ ਦ੍ਰਿੜਤਾ ਨਾਲ ਕੌਮ ਦੀ ਅਗਵਾਈ ਕਰਨੀ ਦੋ ਵੱਖੋ-ਵੱਖਰੇ ਗੁਣ ਹਨ । ਕੇਵਲ ਕੁਰਬਾਨੀ ਕਰਨ ਵਾਲਾ ਹੀ ਆਗੂ ਨਹੀ ਹੋ ਸਕਦਾ ,ਕਈ ਵਾਰ ਅਜਿਹਾ ਵੀ ਹੁੰਦਾ ਕਿ ਵਿਅਕਤੀ ਬੇਹੱਦ ਕੁਰਬਾਨੀਆਂ ਦੇ ਬਾਵਜੂਦ ਆਪਣੇ ਅਮਲਾਂ ਰਾਹੀ ਅਜਿਹੇ ਕੰਡੇ ਬੀਜ ਜਾਂਦਾ ਜੋ ਆਉਣ ਵਾਲੀਆਂ ਨਸਲਾਂ ਵੱਲੋਂ ਚੁੱਗਣੇ ਵੀ ਔਖੇ ਹੋ ਜਾਂਦੇ ਹਨ ।

-ਅਮਰੀਕ ਸਿੰਘ ਮੁਕਤਸਰ

ਆਵਾਜ਼ਿ ਕੌਮ AWAZE QAUM International Newspaper & WEB TV

## ਪੈਟਰੋਲ ਡੀਜਲ ਦੀਆ ਕੀਮਤਾਂ ਤੇ ਵੈਟ ਵਧਾ ਕੇ ਸੂਬਾ ਸਰਕਾਰ ਨੇ ਜਨਤਾ 'ਤੇ ਬੇਲੋੜਾ ਬੋਝ ਪਾਇਆ: ਡਾ. ਜਗਜੀਵਨ ਸਿੰਘ ਸੇਰਪੁਰ

ਸ਼ੇਰਪੁਰ, 8 ਸਤੰਬਰ ( ਰਣਜੀਤ ਸਿੰਘ ਪੇਧਨੀ )–ਬਹੁਜਨ ਸਮਾਜ ਪਾਰਟੀ ਦੇ ਸੀਨੀਅਰ ਆਗੂ ਅਤੇ ਹਲਕਾ ਬਰਨਾਲਾ ਦੇ ਇੰਨਚਾਰਜ ਡਾ. ਜਗਜੀਵਨ ਸਿੰਘ ਸੇਰਪੁਰ ਨੇ ਸੂਬੇ ਦੀ ਮਾਨ ਸਰਕਾਰ ਵੱਲੋ ਪੈਟਰੋਲ ਡੀਜਲ ਦੀਆਂ ਕੀਮਤਾਂ ਵਿੱਚ ਕੀਤੇ ਵਾਧੇ ਨੂੰ ਜਨਤਾ ਤੇ ਪਾਇਆ ਬੇਲੋੜਾ ਬੋਝ ਦੱਸਦਿਆ ਕਿਹਾ ਕਿ ਕਰਜੇ ਲੈਣ ਦੇ ਨਾਲ ਨਾਲ ਟੈਕਸ ਦਰਾ ਵਿੱਚ ਵਾਧਾ ਕਰਕੇ ਆਪ ਸਰਕਾਰ ਡੰਗ ਟਪਾਈ ਕਰ ਰਹੀ ਹੈ ਤੇ ਸਰਕਾਰ ਦਾ ਇਹ ਕਦਮ ਤਾਨਾਸਾਹੀ ਹੈ।ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਪੈਟਰੋਲ ਡੀਜਲ ਤੇ ਵੈਟ ਦਰਾਂ ਵਿੱਚ ਵਾਧਾ ਉਸ ਸਮੇਂ ਕੀਤਾ।ਜਦੋ ਸੂਬੇ ਦਾ ਹਰ ਨਾਗਰਿਕ ਪਹਿਲਾ ਹੀ ਆਰਥਿਕ ਮੰਦੀ ਅਤੇ ਬੇਰਜੁਗਾਰੀ ਦੇ ਸੰਕਟ ਕਾਰਨ ਆਰਥਿਕ ਚੁਣੌਤੀਆਂ ਨਾਲ ਜੂਝ ਰਿਹਾ ਹੈ ।ਉਨਾ ਕਿਹਾ ਕਿ ਮਾਨ ਸਰਕਾਰ ਨੇ ਸੂਬੇ ਦੇ ਹਰ ਨਾਗਰਿਕ ਦੇ ਭਰੋਸੇ ਦਾ ਕਤਲ ਕੀਤਾ ਤੇ ਹੁਣ ਉਹ ਮਿਹਨਤਕਸੀ ਪੰਜਾਬੀਆਂ ਦੇ ਖੂਨ ਪਸੀਨੇ ਦੀ ਕਮਾਈ ਨਾਲ ਸਰਕਾਰੀ ਖਜਾਨੇ ਨੂੰ ਭਰਨ ਦੀ ਨਾਪਾਕੀ ਕੋਸਿਸ ਕਰ ਰਹੀ ਹੈ ।ਉਨਾ ਕਿਹਾ ਕਿ ਮਾਨ ਸਰਕਾਰ ਆਪਣਾ ਰਾਜਭਾਗ ਚਲਾਉਣ ਵਿੱਚ ਅਸਮਰਥ ਰਹੀ ਹੈ, ਸੂਬੇ ਦੇ ਵਸਨੀਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਮਾਨ ਸਰਕਾਰ ਦੇ ਇਸ ਫੈਸਲੇ ਦਾ ਵਿਰੋਧ ਕਰਨ।



ਆਵਾਜ਼ਿ ਕੌਮ AWAZE QAUM International Newspaper & WEB TV

**ਗੁਰਦੁਆਰਾ ਬਾਬਾ ਸ਼ਾਮ ਸਿੰਘ ਜੀ ਮੋਰੀਗੇਟ ਵਿਖੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ**

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਵੱਡਮੁੱਲਾ ਖਜ਼ਾਨਾ ਹੈ ਜਿਸਦੀ ਪ੍ਰਾਪਤੀ ਸਿਰਫ ਗੁਰਬਾਣੀ ਪੜ੍ਹ ਕੇ ਪ੍ਰਾਪਤ ਹੋਵੇਗੀ: ਗਿਆਨੀ ਹਰਪ੍ਰੀਤ ਸਿੰਘ

ਜੰਡਿਆਲਾ ਗੁਰੂ, 8 ਸਤੰਬਰ ( ਕੁਲਵੰਤ ਸਿੰਘ ਵਿਰਦੀ )– ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜੰਡਿਆਲਾ ਗੁਰੂ ਵਿਖੇ ਸਥਿਤ ਗੁਰਦੁਆਰਾ ਬਾਬਾ ਸ਼ਾਮ ਸਿੰਘ ਜੀ ਮੋਰੀਗੇਟ ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧਾਰਮਿਕ ਦੀਵਾਨ ਸਜਾਏ ਗਏ 9 ਇਨ੍ਹਾਂ ਦੀਵਾਨਾ ਵਿੱਚ ਸ਼ਾਮ ਨੂੰ ਰਹਿਰਾਸ ਸਾਹਿਬ ਜੀ ਦੇ ਪਾਠ ਕੀਤੇ ਗਏ ਅਤੇ ਸੰਧਿਆ ਦੀ ਸਮਾਪਤੀ ਤੋਂ ਉਪਰੰਤ ਗੁਰਦੁਆਰਾ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸਰਬਜੀਤ ਸਿੰਘ, ਭਾਈ ਹਰਭਜਨ ਸਿੰਘ ਜੀ ਵੱਲੋਂ ਇਲਾਹੀ ਬਾਣੀ ਜੀ ਦੇ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਕੀਰਤਨ ਦੀ ਸਮਾਪਤੀ ਤੋਂ ਉਪਰੰਤ ਸ਼੍ਰੋਮਣੀ ਪ੍ਰਚਾਰਕ ਗਿਆਨੀ ਹਰਪ੍ਰੀਤ ਸਿੰਘ ਜੀ ਜੰਡਿਆਲਾ ਗੁਰੂ ਵਾਲਿਆਂ ਵੱਲੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਹਾਜ਼ਰ ਸੰਗਤਾਂ ਨਾਲ ਗੁਰਬਾਣੀ ਦੀ ਸਾਂਝ ਪਾਉਂਦਿਆਂ ਹੋਇਆਂ ਕਿਹਾ ਕਿ ਮਨੁੱਖ ਦੇ ਜੀਵਨ ਨੂੰ ਸੰਵਾਰਨ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਵੱਡਮੁੱਲਾ ਖਜ਼ਾਨਾ ਹੈ ਜਿਸ ਦੀ ਪ੍ਰਾਪਤੀ ਲਈ ਮਨੁੱਖ ਗੁਰਬਾਣੀ ਸਰਵਨ ਕਰਕੇ ਪ੍ਰਾਪਤ ਕਰ ਸਕਦਾ ਹੈ ਅੱਗੇ ਉਨ੍ਹਾਂ ਨੇ ਗੁਰਬਾਣੀ ਦੇ ਵਡਮੁੱਲੇ ਖਜ਼ਾਨੇ ਬਾਰੇ ਸਾਂਝ ਪਾਉਂਦਿਆਂ ਕਿਹਾ ਕਿ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਵਿਖੇ ਮਨੋਕਾਮਨਾਵਾਂ ਪੂਰੀਆਂ ਹੋਣਾ ਅਤੇ ਦੁਖੀਆਂ ਦੇ ਦੁੱਖ ਕੱਟੇ ਜਾਣੇ ਪ੍ਰਤੱਖ ਗੁਰਬਾਣੀ ਦੇ ਵਡਮੁੱਲੇ ਖਜ਼ਾਨੇ ਅਤੇ ਗੁਰੂ ਸਾਹਿਬ ਜੀ ਦੇ ਹਾਜ਼ਰ ਹੋਣ ਦੀ ਉਦਾਹਰਣ ਹੈ ਜਿਸ ਨੂੰ ਕੋਈ ਵੀ ਮਨੁੱਖ ਆਪਣੇ ਪਿੰਡ ਸ਼ਹਿਰ ਮੁਹੱਲੇ ਦੇ ਗੁਰਦੁਆਰੇ ਸਾਹਿਬ ਵਿੱਚ ਸੁਭਾਇਮਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦਰਸ਼ਨ ਕਰਕੇ ਅਤੇ ਗੁਰੂ ਸਾਹਿਬ ਜੀ ਦੀ ਗੋਦ ਵਿੱਚ ਬੈਠ ਕੇ ਗੁਰਬਾਣੀ ਸਰਵਨ ਕਰਕੇ ਪ੍ਰਾਪਤ ਕਰ ਸਕਦਾ ਹੈ ਅੱਗੇ ਉਨ੍ਹਾ ਕਿਹਾ ਕਿ ਅੱਜ ਦੇ ਸਮੇਂ ਦੀ ਦੌੜ ਵਿੱਚ ਇਨਸਾਨ ਨੂੰ ਪੂਰੇ ਗੁਰੂ ਦੀ ਪਹਿਚਾਣ ਨਹੀਂ ਰਹੀ ਤਾਂ ਹੀ ਸ਼ਰਾਰਤੀ ਪਾਖੰਡੀ ਸਾਧ ਆਪਣੇ ਜਾਲ ਵਿੱਚ ਫਸਾ ਕੇ ਭੋਲੇ ਭਾਲੇ ਲੋਕਾਂ ਨੂੰ ਲੁੱਟ ਰਿਹਾ ਹੈ ਅਤੇ ਉਨ੍ਹਾਂ ਸਾਧਾਂ ਨੂੰ ਮੰਨਣ ਵਾਲੇ ਅੱਜ ਵੀ ਉਸੇ ਸਾਧਨ ਤੇ ਹਨ ਅਤੇ ਪਾਖੰਡੀ ਸਾਧ ਯੈਡ ਸਕਿਓਰਟੀਆਂ ਲਈ ਫਿਰਦੇ ਹਨ ਇਸ ਲਈ ਪੂਰੇ ਗੁਰੂ ਦੀਆਂ ਸੰਗਤਾਂ ਕਰਕੇ ਆਪਣੇ ਜੀਵਨ ਨੂੰ ਸੰਵਾਰਨਾ ਚਾਹੀਦਾ ਹੈ ਗੁਰੂ ਸਾਹਿਬ ਜੀ ਨੇ ਗੁਰਬਾਣੀ ਵਿੱਚ ਸਾਨੂੰ ਸਮਝਾਉਣਾ ਕੀਤਾ ਹੈ । ਇਸ ਲਈ ਮਾਂ ਬਾਪ ਆਪਣੇ ਬੱਚਿਆਂ ਨੂੰ ਗੁਰਦੁਆਰਾ ਸਾਹਿਬ ਜ਼ਰੂਰ ਲੈ ਕਿ ਆਉਣ ਤਾਂ ਜੋ ਬੱਚੇ ਪੂਰੇ ਗੁਰੂ ਦੇ ਲੜ ਲਗਕੇ ਅਤੇ ਸੰਗਤ ਕਰਕੇ ਆਪਣੇ ਜੀਵਨ ਨੂੰ ਸਫਲ ਬਣਾਉਣ ।ਅੱਗੇ ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਜੀ ਦੇ ਹੈੱਡ ਗ੍ਰੰਥੀ ਬਾਬਾ ਹਰਭਜਨ ਸਿੰਘ ਜੀ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਅਤੇ ਹੁਕਮਨਾਮੇ ਤੋਂ ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ. ਵਰਤਾਈ ਗਈ ਇਸ ਮੌਕੇ ਤੇ ਗੁਰਦੁਆਰਾ ਸਾਹਿਬ ਜੀ ਦੇ ਪ੍ਰਧਾਨ ਬਲਜੀਤ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀਆਂ ਸੰਗਤਾਂ ਨੂੰ ਵਧਾਈ ਦਿੱਤੀ ਅਤੇ ਜੀ ਆਇਆਂ ਆਖਿਆ ਇਸ ਮੌਕੇ ਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ।



ਆਵਾਜ਼ਿ ਕੌਮ AWAZE QAUM International Newspaper & WEB TV

# ਯੂਕੇ ਸਰਕਾਰ ਵਲੋਂ ਇਸਲਾਮੋਫੋਬੀਆ ਦੀ ਨਵੀਂ ਅਤੇ ਵਿਆਪਕ ਪਰਿਭਾਸ਼ਾ 'ਤੇ ਵਿਚਾਰ ਕਰਣ ਦੇ ਨਾਲ ਸਿੱਖ ਵਿਰੋਧੀ ਨ.ਫਰਤ ਨੂੰ ਜਾਣਬੁੱਝ ਕੇ ਨਜ਼ਰਅੰਦਾਜ਼ ਕੀਤਾ ਜਾਣਾ ਦੁਖਦਾਇਕ: ਦਬਿੰਦਰਜੀਤ ਸਿੰਘ

ਨਵੀਂ ਦਿੱਲੀ 8 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਫੈਡਰੇਸ਼ਨ (ਯੂ.ਕੇ.) ਦੇ ਪ੍ਰਮੁੱਖ ਸਲਾਹਕਾਰ ਦਬਿੰਦਰਜੀਤ ਸਿੰਘ ਨੇ ਕਿਹਾ ਕਿ ਸਰਕਾਰ ਇਸਲਾਮੋਫੋਬੀਆ ਦੀ ਨਵੀਂ ਅਤੇ ਵਿਆਪਕ ਪਰਿਭਾਸ਼ਾ 'ਤੇ ਵਿਚਾਰ ਕਰ ਰਹੀ ਹੈ ਜਦਕਿ ਯਹੂਦੀ ਵਿਰੋਧੀ, ਇਸਲਾਮੋਫੋਬੀਆ ਅਤੇ ਸਿੱਖ-ਵਿਰੋਧੀ ਨਫ਼ਰਤ ਸਾਰੇ ਨਿੰਦਣਯੋਗ ਹਨ ਅਤੇ ਸਰਕਾਰ ਦੁਆਰਾ ਇਸ ਨੂੰ ਹੱਲ ਕਰਨ ਦੀ ਲੋੜ ਹੈ।ਅੱਜ ਤੱਕ ਫੋਕਸ ਲਗਭਗ ਵਿਸ਼ੇਸ਼ ਤੌਰ 'ਤੇ ਯਹੂਦੀ ਅਤੇ ਮੁਸਲਿਮ ਭਾਈਚਾਰਿਆਂ 'ਤੇ ਰਿਹਾ ਹੈ ।ਹਾਲਾਂਕਿ, 9/11 ਤੋਂ ਬਾਅਦ ਦੁਨੀਆ ਭਰ ਵਿੱਚ ਸਿੱਖਾਂ ਨੂੰ 'ਗਲਤੀ ਨਾਲ' ਨਿਸ਼ਾਨਾ ਬਣਾਉਣ ਦੇ ਬਾਵਜੂਦ, ਦੋ ਦਹਾਕਿਆਂ ਤੋਂ ਵੱਧ ਸਮੇਂ ਤੋਂ ਲਗਾਤਾਰ ਸਰਕਾਰਾਂ ਦੁਆਰਾ ਸਿੱਖ ਵਿਰੋਧੀ ਨਫ਼ਰਤ ਨੂੰ ਜਾਣਬੁੱਝ ਕੇ ਨਜ਼ਰਅੰਦਾਜ਼ ਕੀਤਾ ਗਿਆ ਹੈ। ਕੀਰ ਸਟਾਰਮਰ, ਜੋ ਹੁਣ ਪ੍ਰਧਾਨ ਮੰਤਰੀ ਹਨ, ਨੇ ਵਾਅਦਾ ਕੀਤਾ ਹੈ ਕਿ ਲੇਬਰ ਸਰਕਾਰ ਸਿੱਖ-ਵਿਰੋਧੀ ਨਫ਼ਰਤ ਨੂੰ ਯਹੂਦੀ ਵਿਰੋਧੀ ਅਤੇ ਇਸਲਾਮੋਫੋਬੀਆ ਦੇ ਬਰਾਬਰ ਵਰਤਾਏਗੀ। ਹਾਲਾਂਕਿ, ਮੁਸਲਮਾਨਾਂ ਅਤੇ ਮਸਜਿਦਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਹਾਲ ਹੀ ਦੇ ਦੰਗਿਆਂ ਦੇ ਜਵਾਬ ਵਿੱਚ ਸਰਕਾਰ ਦੁਆਰਾ ਵਿਚਾਰੀ ਜਾ ਰਹੀ ਇਸਲਾਮੋਫੋਬੀਆ ਦੀ ਕੋਈ ਵੀ ਨਵੀਂ ਅਤੇ ਵਿਆਪਕ ਪਰਿਭਾਸ਼ਾ ਇੰਨੀ ਵਿਆਪਕ ਨਹੀਂ ਹੋਣੀ ਚਾਹੀਦੀ ਕਿ ਇਹ ਬੋਲਣ ਦੀ ਆਜ਼ਾਦੀ ਅਤੇ ਇਤਿਹਾਸ ਦਾ ਹਿੱਸਾ ਹੋਣ ਵਾਲੇ ਜ਼ਬਰਦਸਤੀ ਧਰਮ ਪਰਿਵਰਤਨ ਦੀ ਨਿੰਦਾ ਕਰਨ ਦੀ ਯੋਗਤਾ 'ਤੇ ਪ੍ਰਭਾਵ ਪਾਉਂਦੀ ਹੈ।ਧਰਮ ਪਰਿਵਰਤਨ ਵਿੱਚ ਵਿਸ਼ਵਾਸ ਰੱਖਣ ਵਾਲੇ ਧਰਮ, ਜਿਵੇਂ ਕਿ ਇਸਲਾਮ ਅਤੇ ਈਸਾਈਅਤ ਨੇ ਇਤਿਹਾਸਕ ਤੌਰ 'ਤੇ "ਤਲਵਾਰ ਨਾਲ" ਆਪਣੇ ਵਿਸ਼ਵਾਸਾਂ ਨੂੰ ਫੈਲਾਉਣ ਦਾ ਸਹਾਰਾ ਲਿਆ ਹੈ ਅਤੇ ਜੋ ਇਤਿਹਾਸ ਬਾਰੇ ਗੱਲ ਕਰਦੇ ਹਨ ਉਹਨਾਂ ਨੂੰ ਇਸਲਾਮੋਫੋਬੀਆ ਦੀ ਕਿਸੇ ਵੀ ਨਵੀਂ ਪਰਿਭਾਸ਼ਾ ਦੁਆਰਾ ਅਪਰਾਧੀਕਰਨ ਜਾਂ ਸੈਂਸਰਸ਼ਿਪ ਦਾ ਸਾਹਮਣਾ ਨਹੀਂ ਕਰਨਾ ਚਾਹੀਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਅੱਜਕਲ ਯੰਗ ਉਮਰ ਅਤੇ ਬੱਚਿਆਂ ਨੂੰ ਸ਼ੂਗਰ ਰੋਗ ਹੋ ਰਿਹਾ ਹੈ : ਡਾ.ਮੈਕਸਿਮਾ ਆਨੰਦ

ਚੌਕ ਮਹਿਤਾ, 8 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ) – ਅੰਮ੍ਰਿਤਸਰ ਦੀ ਪ੍ਰਸਿੱਧ ਸ਼ੂਗਰ ਅਤੇ ਮੈਡੀਸਨ ਸਪੈਸ਼ਿਲਸਟ ਅਤੇ ਜਨਤਾ ਹਸਪਤਾਲ ਏਅਰਪੋਰਟ ਰੋਡ ਦੀ ਡਾਇਰੈਕਟਰ ਡਾ.ਮੈਕਸਿਮਾ ਆਨੰਦ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼ੂਗਰ ਰੋਗ ਦੇ ਆਮ ਲੱਛਣਾਂ ਬਾਰੇ ਦੱਸਦਿਆਂ ਕਿਹਾ ਕਿ ਸ਼ੂਗਰ ਨਾਲ ਪੀੜ੍ਹਤ ਲੋਕਾਂ ਵਿੱਚ ਲੋਕਾਂ ਨੂੰ ਬਹੁਤ ਪਿਆਸ ਲੱਗਣਾ,ਬਾਰ-ਬਾਰ ਪੇਸ਼ਾਬ ਆਉਣਾ ਹਨ ਇਸ ਤੋਂ ਇਲਾਵਾ ਜ਼ਿਆਦਾ ਥਕਾਵਟ ਹੋਣੀ,ਅੱਖਾਂ ਦੀ ਰੌਸ਼ਨੀ ਘੱਟਣਾ,ਬਿੰਨ੍ਹਾ ਯਤਨ ਕੀਤੇ ਭਾਰ ਦਾ ਘੱਟ ਹੋਣਾ ਆਦਿ ਹੋਰ ਵੀ ਲੱਛਣ ਹੁੰਦੇ ਹਨ ।ਇਸਦੇ ਨਾਲ ਹੀ ਸ਼ੂਗਰ ਰੋਗ ਹੋਣ 'ਤੇ ਜ਼ਖਮ ਬਹੁਤ ਹੌਲੀ ਹੌਲੀ ਭਰਦੇ ਹਨ,ਹੱਥ ਪੈਰ ਸੁੰਨ ਹੋਣਾ ਅਤੇ ਝੁਨਝੁਨੀ ਹੋਣਾ ਆਦਿ ਹੁੰਦੇ ਹਨ। ਡਾ.ਮੈਕਸਿਮਾ ਆਨੰਦ ਜਿੰਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀਆਂ ਬੇਹਤਰੀਨ ਸੇਵਾਵਾਂ ਦੇ ਕਾਰਨ ਜ਼ਿਲ੍ਹਾਂ ਪੱਧਰੀ ਸਮਾਗਮ ਵਿੱਚ ਸਨਮਾਨਿਤ ਕੀਤਾ ਜਾ ਚੁੱਕਿਆ ਹੈ ਨੇ ਦੱਸਿਆ ਕਿ ਸ਼ੂਗਰ ਰੋਗ ਹੋਣ ਤੇ ਅਪਣੇ ਆਪ ਦਵਾਈ ਨਹੀਂ ਖਾਣੀ ਚਾਹੀਦੀ ਅਤੇ ਨਾ ਹੀ ਵੱਖ-ੱਖ ਦਵਾਈਆਂ ਖਾ ਕੇ ਅਪਣੇ ਸਰੀਰ ਤੇ ਕੋਈ ਐਕਸਪੈਰੀਮੈਂਟ ਕਰਨਾ ਚਾਹੀਦਾ ਹੈ ਸਗੋਂ ਮਾਹਿਰ ਡਾਕਟਰ ਦੀ ਦੇਖ-ਰੇਖ ਵਿੱਚ ਹੀ ਦਵਾਈ ਖਾਣੀ ਚਾਹੀਦੀ ਹੈ ਤਾਂ ਕਿ ਅਸੀਂ ਸ਼ੂਗਰ ਤੋਂ ਬਾਅਦ ਹੋਣ ਵਾਲੀਆਂ ਭਿਆਨਕ ਬਿਮਾਰੀਆਂ ਤੋਂ ਸਮਾਂ ਰਹਿੰਦਾ ਹੋਏ ਅਪਣੇ ਸਰੀਰ ਨੂੰ ਬਚਾ ਸਕੀਏ ।ਉਨ੍ਹਾਂ ਕਿਹਾ ਕਿ ਅੱਜਕਲ੍ਹ ਨੌਜਵਾਨਾਂ ਅਤੇ ਬੱਚਿਆਂ ਹਰ ਇੱਕ ਨੂੰ ਸ਼ੂਗਰ ਹੋ ਰਹੀ ਹੈ ਸਾਨੂੰ ਅਪਣੇ ਸਿਹਤ ਵੱਲ ਪੂਰੀ ਤਰ੍ਹਾਂ ਧਿਆਨ ਦੇਣਾ ਚਾਹੀਦਾ ਹੈ ਮਿੱਠੀਆਂ ਚੀਜ਼ਾਂ,ਕਣਕ ਦੇ ਆਟੇ ਦਾ ਪ੍ਰਹੇਜ਼ ਕਰਨਾ ਚਾਹੀਦਾ ਹੈ ਰੌਜ਼ਾਨਾ ਸੈਰ ਅਤੇ ਐਕਸਰਸਾਈਜ਼ ਕਰਨੀ ਚਾਹੀਦੀ ਹੈ ਅਤੇ ਅਪਣੀ ਲਾਈਫ ਸਟਾਇਲ ਵਿੱਚ ਚੇਂਜ ਲਿਆਉਣਾ ਚਾਹੀਦਾ ਹੈ ਹੈਲਥੀ ਡਾਈਟ ਲੈਣੀ ਚਾਹੀਦੀ ਹੈ,ਫਾਸਟ ਫੂਡ ਦਾ ਪ੍ਰਹੇਜ਼ ਕਰਨਾ ਚਾਹੀਦਾ ਹੈ ਅਤੇ ਇਸਦੀ ਦਵਾਈ ਜ਼ਰੂਰ ਮਾਹਿਰ ਡਾਕਟਰ ਦੀ ਦੇਖ-ਰੇਖ ਵਿੱਚ ਖਾਣੀ ਚਾਹੀਦੀ ਹੈ ਉਨ੍ਹਾਂ ਕਿਹਾ ਕਿ ਸ਼ੂਗਰ ਵਿੱਚ ਪ੍ਰਹੇਜ਼ ਕਰਕੇ ਅਤੇ ਸਮੇਂ ਨਾਲ ਦਵਾਈਆਂ ਦੇ ਸੇਵਨ ਨਾਲ ਅਸੀਂ ਇਸਤੇ ਕੰਟਰੋਲ ਕਰ ਸਕਦੇ ਹਾਂ।



ਆਵਾਜ਼ਿ ਕੌਮ AWAZE QAUM International Newspaper & WEB TV

# ਵੱਖ ਵੱਖ ਸੂਬਿਆਂ 'ਚ ਹੋ ਰਹੀਆਂ ਚੋਣਾਂ 'ਚ ਹਾਰ ਦੇ ਡਰੋਂ ਬੀਜੇਪੀ ਈਡੀ ਦਾ ਸਹਾਰਾ ਲੈ ਰਹੇ ਹਨ: ਕਰਮਜੀਤ ਸਿੰਘ ਕਾਂਝਲਾ, ਰਣਜੋਧ ਸਿੰਘ ਕਾਂਝਲ

ਧੂਰੀ, 8 ਸਤੰਬਰ ( ਰਣਜੀਤ ਸਿੰਘ ਪੇਧਨੀ)– ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇਸ਼ ਦੀ ਵੱਡੀ ਜਾਂਚ ਏਜੰਸੀ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੂੰ ਪਿੱਛਲੇ ਕਾਫੀ ਸਮੇਂ ਤੋਂ ਪਾਰਟੀ ਦੇ ਇਕ ਵਿੰਗ ਦੀ ਤਰ੍ਹਾਂ ਵਰਤਦੇ ਆ ਰਹੇ ਹਨ। ਲੋਕ ਸਭਾ ਚੋਣਾਂ ਵਿੱਚ ਵੀ ਭਾਜਪਾ ਨੇ ਈਡੀ ਦਾ ਖੁੱਲ੍ਹਕੇ ਇਸਤੇਮਾਲ ਕੀਤਾ ।ਹੁਣ ਵੱਖ ਵੱਖ ਸੂਬਿਆਂ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਹੁੰਦੀ ਪਾਰਟੀ ਦੀ ਹਾਰ ਨੂੰ ਦੇਖਦੇ ਹੋਏ ਭਾਜਪਾ ਨੇ ਫਿਰ ਪਿੰਜਰੇ ਵਿੱਚੋਂ ਬੰਦ ਈਡੀ ਦੇ ਤੋਤੇ ਨੂੰ ਬਾਹਰ ਕੱਢ ਲਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ, ਕਰਮਜੀਤ ਸਿੰਘ ਕਾਂਝਲਾ ਅਤੇ ਸ,ਰਣਜੋਧ ਸਿੰਘ ਕਾਂਝਲਾ ਪ੍ਰਮੁੱਖ ਉਮੀਦਵਾਰ ਜਿਲ੍ਹਾ ਪ੍ਰੀਸਦ ਜੋਨ ਬੇਨੜਾ ਨੇ ਕੀਤਾ।ਉਨ੍ਹਾਂ ਕਿਹਾ ਕਿ ਹਰਿਆਣਾ ਅਤੇ ਜੰਮੂ ਕਸ਼ਮੀਰ ਵਿੱਚ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੂੰ ਆਪਣੀ ਹਾਰ ਸ਼ਾਫ ਨਜ਼ਰ ਆ ਰਹੀ ਹੈ, ਜਿਸ ਨੂੰ ਦੇਖਦੇ ਹੋਏ ਆਪਣਾ ਅਕਸ਼ ਬਚਾਉਣ ਲਈ ਬੀਜੇਪੀ ਨੇ ਫਿਰ ਤੋ ਈਡੀ ਦਾ ਸਹਾਰਾ ਲੈਕੇ ਵਿਰੋਧੀ ਧਿਰਾਂ ਦੇ ਵਿਧਾਇਕਾਂ ਅਤੇ ਸੀਨੀਅਰ ਆਗੂਆਂ ਨੂੰ ਡਰਾਉਣਾ, ਧਮਕਾਉਣਾ ਸ਼ੁਰੂ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਦੇਸ਼ ਦਾ ਵੋਟਰ ਭਾਜਪਾ ਦੀਆਂ ਲੋਕ ਮਾਰੂ ਨੀਤੀਆਂ ਤੋਂ ਜਾਣੂ ਹੋ ਚੁੱਕਾ ਹੈ ਇਸ ਲਈ ਉਹ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਭਾਜਪਾ ਨੂੰ ਮੂੰਹ ਨਹੀ ਲਾਵੇਗਾ।



## ਇੱਕ ਨਜ਼ਰ...



## ਪੰਜਾਬ ਚ ਕਾਨੂੰਨ ਵਿਵਸਥਾ ਦੀਆਂ ਉਡਾਈਆ ਜਾ ਰਹੀਆਂ ਨੇ ਧੱਜੀਆਂ: ਮਿੱਤਲ, ਜਿੰਦਲ, ਕਾਂਝਲਾ

ਧੂਰੀ, 8 ਸਤੰਬਰ (ਰਣਜੀਤ ਸਿੰਘ ਪੇਧਨੀ ) ਪੰਜਾਬ 'ਚ ਕਾਨੂੰਨ ਵਿਵਸਥਾ ਦੀਆਂ ਧੱਜੀਆ ਉਡਾਈਆਂ ਜਾ ਰਹੀਆਂ ਹਨ, ਕਦੇ ਪੁਲਿਸ ਦੀ ਢਿੱਲਮੱਠ ਦਾ ਪਰਦਾਫਾਸ਼ ਕਰਦੇ ਹੋਏ ਬੰਦੂਕ ਦੀ ਨੋਕ 'ਤੇ ਲੋਕਾਂ ਦੀਆਂ ਗੱਡੀਆਂ ਖੋਹੀਆਂ ਜਾ ਰਹੀਆਂ ਹਨ ਅਤੇ ਕਦੇ ਦਿਨ-ਦਿਹਾੜੇ ਲੋਕਾਂ ਨੂੰ ਗੋਲੀਆਂ ਮਾਰ ਕੇ ਮਾਰਿਆ ਜਾ ਰਿਹਾ ਹੈ। ਆਮ ਆਦਮੀ ਪਾਰਟੀ (ਆਪ) ਦੇ ਸ਼ਾਸਨ 'ਚ ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਹੁਤ ਖਰਾਬ ਹੈ, 'ਆਪ' ਸਰਕਾਰ ਸੂਬੇ ਦੇ ਲੋਕਾਂ ਦੀ ਸੁਰੱਖਿਆ ਕਰਨ 'ਚ ਨਾਕਾਮ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਜਗਦੇਵ ਜਿੰਦਲ ਜੱਗਾ, ਜਿਲ੍ਹਾ ਮੀਤ ਪ੍ਰਧਾਨ ਕ੍ਰਿਸਨ ਗੋਪਾਲ ਨੀਲੂ ਮਿੱਤਲ ਅਤੇ ਬਲਾਕ ਪ੍ਰਧਾਨ ਬਸੰਤ ਕੁਮਾਰ ਕਾਂਝਲਾ ਨੇ ਕੀਤਾ। ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਪਰਾਧੀਆਂ ਨੇ ਦਰਜਨਾਂ ਅਪਰਾਧਿਕ ਘਟਨਾਵਾਂ ਨੂੰ ਅੰਜਾਮ ਦਿੱਤਾ ਹੈ, ਜਿਸ ਵਿੱਚ ਪੰਜਾਬ ਪੁਲੀਸ ਅਜੇ ਤੱਕ ਕਈ ਮਾਮਲਿਆਂ ਨੂੰ ਟਰੇਸ ਨਹੀਂ ਕਰ ਸਕੀ ਹੈ। ਜੇਕਰ ਦੇਖਿਆ ਜਾਵੇ ਤਾਂ ਪੁਲਿਸ ਜਦੋਂ ਤੱਕ ਕੋਈ ਕੇਸ ਟਰੇਸ ਕਰ ਲੈਂਦੀ ਹੈ, ਇਨ੍ਹੇ ਵਿੱਚ ਨਿਡਰ ਅਪਰਾਧੀ ਆਸਾਨੀ ਨਾਲ ਕੋਈ ਹੋਰ ਵਾਰਦਾਤ ਕਰਕੇ ਸ਼ਹਿਰ ਤੋਂ ਫਰਾਰ ਹੋ ਜਾਂਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਚੋਣਾਂ ਵਿੱਚ ਵੱਡੇ-ਵੱਡੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ। ਜਦਕਿ ਜ਼ਮੀਨੀ ਹਕੀਕਤ ਕੁਝ ਹੋਰ ਹੀ ਦੱਸਦੀ ਹੈ ਜਦੋਂ ਤੋਂ ਪੰਜਾਬ 'ਚ 'ਆਪ' ਦੀ ਸਰਕਾਰ ਆਈ ਹੈ, ਕਾਨੂੰਨ ਵਿਵਸਥਾ ਦੀ ਹਾਲਤ ਬਦ ਤੋਂ ਬਦਤਰ ਹੋਈ ਹੈ।

## ਸਰਕਾਰ ਤੁਹਾਡੇ ਦੁਆਰ' ਕੈਪਾਂ ਰਾਹੀਂ ਲੋਕ ਸਹੂਲਤਾਂ ਪ੍ਰਾਪਤ ਕਰਕੇ ਪੂਰਾ ਲਾਭ ਲੈ ਰਹੇ ਹਨ :ਬੁੱਟਰ

ਧੂਰੀ, 8 ਸਤੰਬਰ (ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਮਾਨ ਵਾਲੀ ਸਰਕਾਰ ਦੇ ਚਲਾਏ ਪ੍ਰੋਗਰਾਮ 'ਸਰਕਾਰ ਤੁਹਾਡੇ ਦੁਆਰ' ਨੂੰ ਲੋਕਾਂ ਵਲੋਂ ਹਾਂ ਪੱਖੀ ਹੁੰਗਾਰਾ ਮਿਲ ਰਿਹਾ ਹੈ ਅਤੇ ਪੰਜਾਬ ਵਾਸੀ ਇਸ ਸਹੂਲਤ ਦਾ ਖੂਬ ਲਾਹਾ ਲੈ ਰਹੇ ਹਨ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੁਲਦੀਪ ਸਿੰਘ ਬੁੱਟਰ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਵਿਸ਼ੇਸ਼ ਕੈਪਾਂ ਦੌਰਾਨ ਪਿੰਡਾਂ ਅਤੇ ਸ਼ਹਿਰਾਂ ਵਿੱਚ ਸਰਕਾਰੀ ਅਧਿਕਾਰੀਆਂ ਵੱਲੋਂ ਲਾਭਪਾਤਰੀਆਂ ਵਲੋਂ ਦਿੱਤੀਆਂ ਜਾ ਰਹੀਆਂ ਅਰਜੀਆਂ ਨੂੰ ਤੁਰੰਤ ਪ੍ਰਵਾਨਗੀ ਦੇ ਕੇ ਹੱਲ ਕੀਤਾ ਜਾ ਰਿਹਾ ਹੈ ਅਤੇ ਇਸ ਮੁਹਿੰਮ ਦੀ ਉਨ੍ਹਾਂ ਸ਼ਲਾਘਾ ਕੀਤੀ ਜਾ ਰਹੀ ਹੈ । ਉਨ੍ਹਾਂ ਕਿਹਾ ਕਿ ਅਧਿਕਾਰੀਆਂ ਵਲੋਂ ਲੋਕਾਂ ਦੀਆਂ ਮੁਸ਼ਕਲਾਂ ਅਤੇ ਸਮੱਸਿਆ ਨੂੰ ਬੜੇ ਹੀ ਧਿਆਨ ਨਾਲ ਸੁਣਿਆ ਜਾਂਦਾ ਹੈ ਅਤੇ ਉਸ ਦਾ ਹੱਲ ਵੀ ਕੀਤਾ ਜਾ ਰਿਹਾ ਹੈ । ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਵਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਇੱਕ- ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ ਅਤੇ ਹੋਰ ਵੀ ਨਵੀਆਂ-ਨਵੀਆਂ ਸਕੀਮਾਂ ਲਿਆ ਕੇ ਪੰਜਾਬ ਵਾਸੀਆਂ ਨੂੰ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ।

## ਬੀਜੇਪੀ ਵੱਲੋਂ ਇਕ ਬੂਥ ਤੇ 200 ਅਤੇ ਪੰਜਾਬ ਚ 50 ਲੱਖ ਮੈਂਬਰਸਿੱਪ ਬਣਾਉਣ ਦਾ ਟੀਚਾ: ਬੱਧਨ

ਸ਼ੇਰਪੁਰ, 8 ਸਤੰਬਰ ( ਰਣਜੀਤ ਸਿੰਘ ਪੇਧਨੀ ) ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪਹਿਲੀ ਮੁੱਢਲੀ ਮੈਂਬਰ ਸਿੱਪ ਲੈਣ ਤੋਂ ਬਾਅਦ ਸਟੇਟ ਪੱਧਰ ਦੇ ਪ੍ਰਧਾਨ ਤੇ ਸੀਨੀਅਰ ਆਗੂਆਂ ਵੱਲੋਂ ਮੈਂਬਰਸ਼ਿੱਪ ਲੈਣ ਤੋਂ ਬਾਅਦ ਹੁਣ ਜਿਲ੍ਹਾ ਤੇ ਹਲਕਾ ਪੱਧਰ ਤੇ ਭਰਤੀ ਮੁਹਿੰਮ ਨੂੰ ਅੱਗੇ ਆਰੰਭ ਕੀਤਾ ਗਿਆ ਹੈ। ਭਾਜਪਾ ਦੀ ਸਥਾਪਨਾ ਹੀ ਦੇਸ਼ ਦੀ ਅਖੰਡਤਾ ਸੰਘੀ ਢਾਂਚੇ ਦੀ ਮਜਬੂਤੀ ਤੇ ਵਿਕਾਸ ਲਈ ਹੋਈ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਸਮਸ਼ੇਰ ਸਿੰਘ ਵੱਧਣ ਨੇ ਕੀਤਾ । ਉਨ੍ਹਾਂ ਕਿਹਾ ਕਿ ਕੇਂਦਰ 'ਚ ਲੋਕ ਪੱਖੀ ਨੀਤੀਆਂ ਨੂੰ ਵਿਕਲਪ ਦੇਣ ਲਈ ਰਾਜਨੀਤਕ ਪਾਰਟੀ ਕਿਸੇ ਸਮੇਂ ਦੇ ਪਾਰਲੀਮੈਂਟ ਮੈਂਬਰ ਵਾਲੀ ਭਾਜਪਾ ਨੇ ਅਪਣੀ ਵਿਚਾਰਧਾਰਾ ਅਤੇ ਇਮਾਨਦਾਰ ਛਵੀਂ ਨਾਲ ਲਗਾਤਾਰ ਤੀਜੀ ਸਰਕਾਰ ਬਣਾਈ ਅਤੇ ਹੁਣ 18 ਸੂਬਿਆਂ 'ਚ ਭਾਜਪਾ ਦੀ ਸਰਕਾਰ ਹੈ। ਉਨ੍ਹਾਂ ਕਿਹਾ ਕੇ ਪਾਰਟੀ ਨੇ ਹਰ ਬੂਥ ਤੇ ਘੱਟੋਂ ਘੱਟ 200 ਮੈਂਬਰ ਅਤੇ ਪੰਜਾਬ ਦੇ 50 ਲੱਖ ਮੈਂਬਰ ਬਣਾਉਣ ਦਾ ਟੀਚਾ ਮਿਥਿਆ ਹੈ 200 ਮੈਂਬਰ ਭਰਤੀ ਕਰਨ ਵਾਲਾ ਮੈਂਬਰ ਐਕਟਿਵ ਮੈਂਬਰ ਹੋਵੇਗਾ। ਉਨ੍ਹਾਂ ਕਿਹਾ ਕਿ ਪਾਰਟੀ ਲਈ ਮਿਹਨਤ ਕਰਨ ਵਾਲੇ ਆਗੂ ਹੀ ਅੱਗੇ ਵੱਡੇ ਅਹੁੱਦੇ ਹਾਸਿਲ ਕਰਨਗੇ। ਓਹਨਾ ਵਰਕਰਾਂ ਨੂੰ ਪਾਰਟੀ ਦੀਆਂ ਨੀਤੀਆਂ ਅਤੇ ਕੇਂਦਰ ਸਰਕਾਰ ਦੀਆਂ ਸਕੀਮਾਂ ਨੂੰ ਘਰ ਘਰ ਤੱਕ ਪਹੁੰਚਾਉਣ ਲਈ ਕਿਹਾ ਕੇਂਦਰ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਤੋਂ ਸੂਬੇ ਦੇ ਲੋਕ ਪ੍ਰਭਾਵਿਤ ਨੇ ਅਤੇ ਉਹ ਭਾਜਪਾ ਦੇ ਮੈਂਬਰ ਜਰੂਰ ਬਣਨਗੇ।

## ਜਨਮ ਦਿਨ ਮੁਬਾਰਕ



ਮਾਨਸਪ੍ਰੀਤ ਸਿੰਘ ਪੁੱਤਰ ਸ: ਸਤਨਾਮ ਸਿੰਘ ਅਤੇ ਮਾਤਾ ਕੰਵਲਜੀਤ ਕੌਰ ਨਿਵਾਸੀ ਜੰਡਿਆਲਾ ਗੁਰੂ ਨੂੰ ਜਨਮਦਿਨ ਦੀਆਂ ਆਵਾਜ਼ਿ ਕੌਮ ਦੀ ਟੀਮ ਵੱਲੋਂ ਵਧਾਈਆਂ।



ਪਰਉਪਕਾਰ ਸਿੰਘ ਪੁੱਤਰ ਗਿਆਨੀ ਹਰਪ੍ਰੀਤ ਸਿੰਘ ਵਡਾਲਾ ਅਤੇ ਮਾਤਾ ਹਰਦੀਪ ਕੌਰ ਨਿਵਾਸੀ ਪਿੰਡ ਵਡਾਲਾ ਨੂੰ ਜਨਮਦਿਨ ਦੀਆਂ ਆਵਾਜ਼ਿ ਕੌਮ ਦੀ ਟੀਮ ਵੱਲੋਂ ਵਧਾਈਆਂ।

# ਤਖਤ ਸ੍ਰੀ ਪਟਨਾ ਸਾਹਿਬ ਵਿਖ਼ੇ ਜੇ ਪੀ ਨੱਡਾ ਦੀ ਫੇਰੀ ਤੇ ਹੋਈ ਬੇਹੁਰਮਤੀ, ਸੰਗਤਾਂ ਅੰਦਰ ਰੋਸ ਪ੍ਰਬੰਧਕਾਂ ਕੋਲੋਂ ਅਸਤੀਫੇ ਦੀ ਕੀਤੀ ਮੰਗ





ਨਵੀਂ ਦਿੱਲੀ 8 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਤਖਤ ਸ੍ਰੀ ਪਟਨਾ ਸਾਹਿਬ ਸਾਹਿਬ ਵਿਖ਼ੇ ਬੀਤੇ ਇਕ ਦਿਨ ਪਹਿਲਾਂ ਭਾਜਪਾ ਪ੍ਰਮੁੱਖ ਜੇ ਪੀ ਨੱਡਾ ਦੇ ਆਉਣ ਕਰਕੇ ਤਖ਼ਤ ਸਾਹਿਬ ਦੀ ਮਰਿਆਦਾ ਵਿਚ ਵਿਘਨ ਪਾਉਣ ਦੀ ਖ਼ਬਰ ਦਾ ਪਤਾ ਲਗਦੇ ਹੀ ਦੇਸ਼ ਵਿਦੇਸ਼ ਅੰਦਰ ਨਾਨਕ ਨਾਮ ਲੇਵਾ ਸੰਗਤਾਂ ਦੇ ਹਿਰਦਿਆਂ ਨੂੰ ਡੂੰਘੀ ਠੇਸ ਪੁਜੀ ਹੈ ਅਤੇ ਸਮੂਹ ਤਖਤ ਸਾਹਿਬਾਨਾਂ ਅੰਦਰ ਮੀਡੀਆ ਦੀ ਪਾਬੰਦੀ ਦੇ ਨਾਲ ਤਖਤ ਪਟਨਾ ਸਾਹਿਬ ਜੀ ਦੇ ਮੌਜੂਦਾ ਪ੍ਰਬੰਧਕਾਂ ਦੇ ਅਸਤੀਫੇ ਦੀ ਮੰਗ ਕੀਤੀ ਗਈ ਹੈ । ਜਿਕਰਯੋਗ ਹੈ ਕਿ ਜੇ ਪੀ ਨੱਡਾ ਵਲੋਂ ਬਿਹਾਰ ਦੀ ਫੇਰੀ ਦੌਰਾਨ ਤਖਤ ਪਟਨਾ ਸਾਹਿਬ ਵਿਖ਼ੇ ਦਰਸ਼ਨ ਦੀਦਾਰੇ ਕਰਣ ਦਾ ਪ੍ਰੋਗਰਾਮ ਸੀ ਜਿਸ ਦਾ ਓਥੋਂ ਦੀ ਮੌਜੂਦਾ ਕਮੇਟੀ ਨੂੰ ਪਤਾ ਲਗ ਗਿਆ ਸੀ, ਦੇ ਬਾਵਜੂਦ ਉਨ੍ਹਾਂ ਵਲੋਂ ਪੁਖਤਾ ਇੰਤਜਾਮ ਨਾ ਕਰਣਾ ਉਨ੍ਹਾਂ ਦੀ ਤਖਤ ਸਾਹਿਬ ਦੀ ਸਾਰ ਸੰਭਾਲਤਾ ਤੇ ਉਂਗਲ ਚੱਕ ਰਹੀ ਹੈ । ਜੇ ਪੀ ਨੱਡਾ ਦੇ ਆਉਣ ਤੋਂ ਪਹਿਲਾਂ ਹੀ ਤਖਤ ਸਾਹਿਬ ਦੀ ਹਜ਼ੂਰੀ ਅੰਦਰ ਵਡੀ ਗਿਣਤੀ 'ਚ ਕੀਰਤਨ ਕਰ ਰਹੇ ਹਜ਼ੂਰੀ ਰਾਗੀ ਭਾਈ ਗਿਆਨ ਸਿੰਘ ਦੇ ਪਿਛਲੇ ਪਾਸੇ ਪੱਤਰਕਾਰ ਪੁੱਜ ਗਏ ਤੇ ਫੋਟੋਆਂ ਖਿੱਚਣ ਲਈ ਇਕ ਦੂਜੇ ਤੋਂ ਅੱਗੇ ਹੋਕੇ ਧੱਕਾ ਮੁੱਕੀ ਕਰਣ ਲਗ ਪਏ ਤੇ ਬਾਰ ਬਾਰ ਰਾਗੀ ਸਿੰਘਾਂ ਉਪਰ ਗਿਰ ਰਹੇ ਸਨ, ਜਿਸ ਨੂੰ ਦੇਖਦਿਆਂ ਉਨ੍ਹਾਂ ਵਲੋਂ ਚਲਦਾ ਕੀਰਤਨ ਰੋਕਣਾ ਪੈ ਗਿਆ ਅਤੇ ਉਨ੍ਹਾਂ ਨੂੰ ਪਿੱਛੇ ਹੋਣ ਲਈ ਬਾਰ ਬਾਰ ਕਹਿਣਾ ਪੈ ਰਿਹਾ ਸੀ ਪਰ ਓਹ ਮੰਨਦੇ ਨਹੀਂ ਸਨ । ਉਪਰੰਤ ਓਥੇ ਹਾਜਿਰ ਸੰਗਤਾਂ ਵਲੋਂ ਜ਼ੋਰ ਮੁਸ਼ੱਕਤ ਨਾਲ ਪੱਤਰਕਾਰਾਂ ਨੂੰ ਪਿੱਛੇ ਕਰਕੇ ਰਾਗੀ ਸਿੰਘਾਂ ਨੂੰ ਸਹਿਜਤਾ ਨਾਲ ਕੀਰਤਨ ਕਰਣ ਲਈ ਜਗ੍ਹਾ ਬਣਵਾਈ ਗਈ। ਇਹ ਵਾਕਿਆਤ ਬੀਤ ਜਾਣ ਉਪਰੰਤ ਕਮੇਟੀ ਵਲੋਂ ਲੈਟਰ ਜਾਰੀ ਕਰਦਿਆਂ ਤਖਤ ਸਾਹਿਬ ਅੰਦਰ ਮੀਡੀਆ ਤੇ ਪਾਬੰਦੀ ਲਗਾਈ ਜਾਣ ਦਾ ਐਲਾਨ ਕਰ ਦਿੱਤਾ ਜਦਕਿ ਉਨ੍ਹਾਂ ਵਲੋਂ ਇਹ ਕੰਮ ਪਹਿਲਾਂ ਹੀ ਕਰਣਾ ਚਾਹੀਦਾ ਸੀ ਜਿਸ ਕਰਕੇ ਤਖਤ ਸਾਹਿਬ ਅੰਦਰ ਬੇਹੁਰਮਤੀ ਨਾ ਹੁੰਦੀ ।

# ਘੁੰਮਣ ਕਲਾਂ ਟੋਲ ਪਲਾਜੇ 'ਤੇ ਵਾਪਰਿਆ ਭਿਆਨਕ ਹਾਦਸਾ

### ਲਖਮੀਰਪੁਰ ਖੀਰੀ ਦੇ ਤਰ੍ਹਾਂ ਧਰਨਾਕਾਰੀ ਕਿਸਾਨਾਂ ਨੂੰ ਕੁਚਲਣ ਦੀ ਕੋਸ਼ਿਸ਼- ਬਲਦੇਵ ਸਿੰਘ ਜ਼ਿਲ੍ਹਾ ਪ੍ਰਧਾਨ





ਤਲਵੰਡੀ ਸਾਬੋ, 8 ਸਤੰਬਰ (ਗੁਰਜੰਟ ਸਿੰਘ ਨਥੇਹਾ)- ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਜਿਲ੍ਹਾ ਪ੍ਰਧਾਨ ਬਲਦੇਵ ਸਿੰਘ ਭਾਈਰੂਪਾ ਨੇ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਟੋਲ ਪਲਾਜਾ ਘੁੰਮਣ ਕਲਾਂ ਜੋ ਕਿ ਖੰਡਰ ਬਣਿਆ ਹੋਇਆ ਹੈ ਲੋਕਾਂ ਦੀ ਮੌਤ ਦਾ ਖੌਅ ਅਤੇ ਲਗਾਤਾਰ ਇਸ ਨਾਲ ਟਕਰਾਉਣ ਕਰਕੇ ਰਾਹਗੀਰਾਂ ਦੀਆਂ ਮਹਿੰਗੀਆਂ ਮਹਿੰਗੀਆਂ ਗੱਡੀਆਂ ਦਾ ਭਾਰੀ ਨੁਕਸਾਨ ਹੋਣ ਦੇ ਨਾਲ-ਨਾਲ ਜਾਨੀ ਨੁਕਸਾਨ ਦਾ ਖਤਰਾ ਬਣਿਆ ਰਹਿੰਦਾ ਹੈ। ਇਸ ਕਰਕੇ ਅੱਜ ਸਵੇਰੇ ਪੰਜ ਵਜੇ ਇਕ ਰਾਜਸਥਾਨ ਨੰਬਰ ਦਾ ਟਰਾਲਾ ਜਿਸ ਵਿੱਚ ਚੌਲਾਂ ਦੀ ਡੀ.ਓ.ਸੀ ਭਰੀ ਹੋਈ ਸੀ ਉਹ ਸਾਡੀਆਂ ਖੜ੍ਹੀਆਂ ਹੋਈਆਂ ਗੱਡੀਆਂ ਨੂੰ ਕੁਚਲਦਾ ਹੋਇਆ ਅਤੇ ਸੁਤੇ ਪਏ ਕਿਸਾਨਾਂ ਦੇ ਸਿਰਾਂ ਕੋਲ ਦੀ ਲੰਘਦਾ ਹੋਇਆ ਐਨ ਬਰਾਬਰ ਆਕੇ ਹਾਦਸਾ ਗ੍ਰਸਤ ਹੋ ਗਿਆ। ਇਹ ਇਸ ਤਰ੍ਹਾਂ ਲੱਗਦਾ ਜਿਵੇਂ ਕਿ ਲਖਮੀਰਪੁਰ ਖੀਰੀ ਵਾਂਗ ਇਕ ਕੇਂਦਰੀ ਮੰਤਰੀ ਦੇ ਪੁੱਤਰ ਵੱਲੋਂ ਦਿਨ ਦਿਹਾੜੇ ਗੱਡੀਆਂ ਨਾਲ ਕੁਚਲ ਕੇ ਸ਼ਹੀਦ ਕਰ ਦਿੱਤੇ ਸੀ ਜਾਂ ਇਸ ਤਰ੍ਹਾਂ ਕਹਿ ਲਈਏ ਕਿ ਜਿਵੇਂ ਟਿਕਰੀ ਬਾਰਡਰ 'ਤੇ ਸਾਡੀਆਂ ਕਿਸਾਨ ਬੀਬੀਆਂ ਨੂੰ ਇਕ ਟਰੱਕ ਵੱਲੋਂ ਦਰੜਿਆ ਗਿਆ ਸੀ। ਇਸ ਤਰਾਂ ਸਾਨੂੰ ਇਹ ਵੀ ਇਕ ਸਾਜਿਸ਼ ਲੱਗਦੀ ਹੈ ਇਸ ਕਰਕੇ ਕਿਸਾਨ ਆਗੂਆਂ ਅਤੇ ਵਰਕਰਾਂ ਵਿੱਚ ਇਸ ਹਾਦਸੇ ਨੂੰ ਲੈਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ। ਹਾਦਸੇ ਦੀ ਖ਼ਬਰ ਸੁਣਦਿਆਂ ਹੀ ਆਸੇ ਪਾਸੇ ਦੇ ਲੋਕ ਅਤੇ ਕਿਸਾਨ ਆਗੂ ਅਤੇ ਵਰਕਰ ਭਾਰੀ ਗਿਣਤੀ 'ਚ ਟੋਲ ਪਲਾਜ਼ੇ 'ਤੇ ਇਕੱਠੇ ਹੋਣ ਲੱਗੇ ਜਦੋ ਇਸ ਹਾਦਸੇ ਦਾ ਪਤਾ ਸੂਬਾ ਪ੍ਰਧਾਨ ਬੂਟਾ ਸਿੰਘ ਬੁਰਜ ਗਿੱਲ ਨੂੰ ਲੱਗਾ ਉਹ ਵੀ ਵਿਸ਼ੇਸ ਤੌਰ 'ਤੇ ਪਹੁੰਚੇ ਅਤੇ ਇਸ ਹਾਦਸੇ ਦਾ ਪੂਰੀ ਤਰਾਂ ਜਾਇਜ਼ਾ ਲਿਆ ਗਿਆ। ਜਿਲ੍ਹਾ ਜਰਨਲ ਸਕੱਤਰ ਰਾਜਮਹਿੰਦਰ ਸਿੰਘ ਕੋਟਭਾਰਾ ਨੇ ਕਿਹਾ ਕਿ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਸਾਡੇ ਇਸ ਮੋਰਚੇ ਨੂੰ ਬਿਲਕੁਲ ਹੀ ਅਣਗੌਲਿਆ ਕੀਤਾ ਹੋਇਆ ਹੈ ਜਿਸ ਕਰਕੇ ਕਿਹਾ ਕਿ ਇਸ ਹਾਦਸੇ ਤੋਂ ਪਹਿਲਾਂ ਵੀ ਜਦੋਂ ਦੇ ਅਸੀਂ ਪਿਛਲੇ ਲਗਪਗ ਚਾਲੀ ਦਿਨਾਂ ਤੋਂ ਬੈਠੇ ਹਾਂ ਤਾਂ ਐਕਸੀਡੈਂਟ ਇਸ ਟੋਲ ਪਲਾਜੇ ਤੇ ਲਗਾਤਾਰ ਹੋ ਰਹੇ ਹਨ। ਇਸ ਮੌਕੇ ਮਹਿੰਦਰ ਸਿੰਘ ਭੈਣੀ ਬਾਘਾ ਜਿਲ੍ਹਾ ਪ੍ਰਧਾਨ ਮਾਨਸਾ ਨੇ ਕਿਹਾ ਕਿ ਸਾਨੂ ਇਸ ਟੋਲ ਪਲਾਜੇ ਨੂੰ ਢੇਪਈ ਟੋਲ ਪਲਾਜੇ ਦੀ ਤਰਾਂ ਇਸ ਟੋਲ ਪਲਾਜ਼ੇ ਨੂੰ ਸੜਕ ਤੋਂ ਪਾਸੇ ਚੁੱਕਣ ਵਿਚ ਪ੍ਰਸ਼ਾਸ਼ਨ ਵੱਲੋਂ ਕੋਈ ਰਿਕਾਵਟ ਨਾਂ ਪਾਈ ਜਾਵੇ ਤੇ ਵਾਰ ਵਾਰ ਹਾਈਕੋਰਟ ਦੀ ਬਹਾਨੇਬਾਜ਼ੀ ਨਾਂ ਬਣਾਈ ਜਾਵੇ। ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਸਾਡੇ ਗੱਡੀਆਂ ਵਗੈਰਾ ਹੋਏ ਨੁਕਸਾਨ ਦੀ ਭਰਪਾਈ ਕੀਤੀ ਜਾਵੇ। ਅੱਜ ਦੇ ਇਸ ਧਰਨੇ ਵਿੱਚ ਹੋਰਨਾਂ ਤੋਂ ਇਲਾਵਾ ਸੋਨੂੰ ਅਜ਼ਾਦ ਲਹਿਰੀ ਜਿਲ੍ਹਾ ਪ੍ਰੈੱਸ ਸਕੱਤਰ, ਹਰਦੇਵ ਸਿੰਘ ਰਾਠੀ ਬੁਰਜ ਬਲਾਕ ਪ੍ਰਧਾਨ ਮਾਨਸਾ, ਫੂਲਾ ਸਿੰਘ ਕੁੱਬੇ ਜਿਲ੍ਹਾ ਆਗੂ, ਬੂਟਾ ਸਿੰਘ ਤੁੰਗਵਾਲੀ ਬਲਾਕ ਪ੍ਰਧਾਨ ਨਥਾਣਾ, ਬਲਦੇਵ ਸਿੰਘ ਬੱਲੂਆਣਾ ਬਲਾਕ ਪ੍ਰਧਾਨ ਬਠਿੰਡਾ, ਮਨਜੀਤ ਸਿੰਘ ਉੱਲਕ ਪ੍ਰੈੱਸ ਸਕੱਤਰ ਜਿਲ੍ਹਾ ਮਾਨਸਾ, ਜਸਪਾਲ ਸਿੰਘ ਕੁੱਬੇ ਤੋਂ ਇਲਾਵਾ ਕਿਸਾਨ ਆਗੂ ਅਤੇ ਕਿਸਾਨ ਮੌਜੂਦ ਸਨ।

# ਆਲ ਇੰਡੀਆ ਕਿਸਾਨ, ਮਜ਼ਦੂਰ ਮੋਰਚਾ ਭਾਰਤ ਦੀ ਰਾਜਨੀਤੀਕ ਪਾਰਟੀ ਵੱਲੋਂ ਬੀਬੀ ਚਰਨਜੀਤ ਕੌਰ ਨੂੰ ਮਹਿਲਾ ਵਿੰਗ ਫ਼ਿਰੋਜ਼ਪੁਰ ਜ਼ਿਲ੍ਹੇ ਦਾ ਬਣਾਇਆ ਪ੍ਰਧਾਨ





ਫ਼ਿਰੋਜ਼ਪੁਰ, 8 ਸਤੰਬਰ (ਮਨੋਹਰ ਲਾਲ): ਆਲ ਇੰਡੀਆ ਕਿਸਾਨ, ਮਜ਼ਦੂਰ ਮੋਰਚਾ ਭਾਰਤ ਦੀ ਰਾਜਨੀਤਿਕ ਪਾਰਟੀ ਵੱਲੋਂ ਬੀਬੀ ਚਰਨਜੀਤ ਕੌਰ ਨੂੰ. ਮਹਿਲਾ ਵਿੰਗ ਜ਼ਿਲ੍ਹਾ ਫ਼ਿਰੋਜ਼ਪੁਰ ਦਾ ਪ੍ਰਧਾਨ ਬਣਾਇਆ ਗਿਆ। ਇਹ ਪ੍ਰਭਾਵਸ਼ਾਲੀ ਸਮਾਗਮ ਹਾਕੇ ਵਾਲਾ ਰੋਡ ਡਿਫੈਂਸ ਕਲੋਨੀ ਬੀਬੀ ਚਰਨਜੀਤ ਕੌਰ ਦੇ ਨਿਵਾਸ ਫ਼ਿਰੋਜ਼ਪੁਰ ਸ਼ਹਿਰ ਵਿਖੇ ਸ੍ਰੀ ਮਨੋਹਰ ਲਾਲ ਨੈਸ਼ਨਲ ਚੇਅਰਮੈਨ ਅਤੇ ਸਤੀਸ਼ ਸਭਰਵਾਲ ਜਨਰਲ ਸਕੱਤਰ ਦੀ ਪ੍ਰਧਾਨਗੀ ਹੇਠ ਹੋਇਆ। ਇਸ ਪ੍ਰਭਾਵਸ਼ਾਲੀ ਸਮਾਗਮ ਵਿਚ ਬੋਲਦਿਆਂ ਨੈਸ਼ਨਲ ਚੇਅਰਮੈਨ ਮਨੋਹਰ ਲਾਲ ਨੇ ਕਿਹਾ ਕਿ ਆਲ ਇੰਡੀਆ ਕਿਸਾਨ ਮਜ਼ਦੂਰ ਮੋਰਚਾ ਜ਼ੋ ਕਿ ਦੱਬੇ ਕੁਚਲੇ ਲੋਕਾਂ ਦੀ ਪਾਰਟੀ ਹੈ ਅਤੇ ਇਹ ਕਿਸਾਨ ਮਜ਼ਦੂਰਾਂ ਦੀ ਸਮੇਂ-ਸਮੇਂ ਤੇ ਆਵਾਜ਼ ਉਠਾਉਂਦੀ ਹੈ ਅਤੇ ਹਰ ਲੋੜਵੰਦ ਦੀ ਜਿਹਦੀ ਕਿਤੇ ਕੋਈ ਸੁਣਵਾਈ ਨਹੀਂ ਹੁੰਦੀ, ਉਸ ਦੇ ਨਾਲ ਚਟਾਂਨ ਵਾਂਗ ਖੜ੍ਹਦੀ ਹੈ। ਅੱਜ ਅਸੀਂ ਬੀਬੀ ਚਰਨਜੀਤ ਕੌਰ ਨੂੰ ਮਹਿਲਾ ਵਿੰਗ ਦਾ ਜ਼ਿਲ੍ਹਾ ਫ਼ਿਰੋਜ਼ਪੁਰ ਦਾ ਪ੍ਰਧਾਨ ਬਣਾਇਆ ਹੈ, ਬੀਬੀ ਚਰਨਜੀਤ ਕੌਰ ਜ਼ੋ ਕਿ ਹਰ ਕਿਸੇ ਨਾਲ ਦੁੱਖ ਸੁੱਖ ਵਿਚ ਖੜ੍ਹਦੀ ਹੈ ਅਤੇ ਹਮੇਸ਼ਾ ਗਰੀਬ ਲੋਕਾਂ ਦੀ ਮੱਦਦ ਅਤੇ ਜਿਸ ਨਾਲ ਜੁਲਮ ਹੋਇਆ ਹੋਵੇ, ਹਮੇਸ਼ਾ ਇਕ ਮਰਦ ਬਣ ਕੇ ਉਸ ਦਾ ਸਾਥ ਦਿੱਤਾ ਹੈ, ਇਸ ਬੀਬੀ ਚਰਨਜੀਤ ਕੌਰ ਨੇ ਹਮੇਸ਼ਾ ਗਲਤ ਨਾਲ ਡੱਟ ਕੇ ਮੁਕਾਬਲਾ ਕੀਤਾ ਹੈ, ਭਾਵੇਂ ਕਲੋਨੀ ਦਾ ਮਸਲਾ ਹੋਵੇ ਭਾਵੇਂ ਕਿਸੇ ਕਿਸਮ ਦਾ ਮਸਲਾ ਹੋਵੇ, ਹਮੇਸ਼ਾ ਜੁਲਮ ਖਿਲਾਫ ਲੜੀ ਹੈ। ਇਸ ਮੌਕੇ ਤੇ ਸਤੀਸ਼ ਸਭਰਵਾਲ ਐਡਵੋਕੇਟ ਜਨਰਲ ਸਕੱਤਰ ਆਲ ਇੰਡੀਆ ਨੇ ਬੋਲਦਿਆਂ ਕਿਹਾ ਕਿ ਆਲ ਇੰਡੀਆ ਕਿਸਾਨ ਮਜ਼ਦੂਰ ਮੋਰਚਾ ਪਾਰਟੀ ਸਾਫ ਸੁਥਰੇ ਲੋਕਾਂ ਦੀ ਪਾਰਟੀ ਹੈ ਅਤੇ ਅਸੀਂ ਹਮੇਸ਼ਾ ਮਾੜੇ ਲੋਕਾਂ ਅਤੇ ਪਾਰਟੀ ਨੂੰ ਢਾਹ ਲਾਉਣ ਵਾਲੇ ਲੋਕਾਂ ਤੋਂ ਕਿਨਾਰਾ ਰੱਖਿਆ ਹੈ, ਅੱਜ ਅਸੀਂ ਬੀਬੀ ਚਰਨਜੀਤ ਕੌਰ ਨੂੰ ਜ਼ਿਲ੍ਹਾ ਫ਼ਿਰੋਜ਼ਪੁਰ ਦਾ ਪ੍ਰਧਾਨ ਬਣਾਇਆ ਹੈ, ਜਿਸ ਨੇ ਬਹੁਤ ਹੀ ਵਧੀਆ ਇੰਤਜਾਮ ਕੀਤਾ ਹੋਇਆ ਸੀ। ਇਸ ਮੌਕੇ ਤੇ ਰਾਜ ਕੁਮਾਰ ਅਰੋੜਾ ਜਨਰਲ ਸਕੱਤਰ ਜ਼ਿਲ੍ਹਾ ਫ਼ਿਰੋਜ਼ਪੁਰ ਨੇ ਸਮੂਹ ਬੀਬੀਆਂ ਨੂੰ ਅਪੀਲ ਕੀਤੀ ਕਿ ਉਹ ਬੀਬੀ ਚਰਨਜੀਤ ਕੌਰ ਦਾ ਸਾਥ ਦੇਣ ਅਤੇ ਬੀਬੀਆਂ ਤੇ ਕੋਈ ਵੀ ਮੁਸੀਬਤ ਆਉਂਦੀ ਹੈ ਇਕੱਠੀਆਂ ਇਕ ਪਲੇਟ ਫਾਰਮ ਤੇ ਇਕੱਠੀਆਂ ਹੋਣ। ਬੀਬੀ ਚਰਨਜੀਤ ਕੌਰ ਨੇ ਸਮੂਹ ਆਏ ਆਲ ਇੰਡੀਆ ਕਿਸਾਨ ਮਜ਼ਦੂਰ ਮੋਰਚੇ ਦੇ ਅਹੁਦੇਦਾਰਾਂ ਦਾ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕੀਤਾ। ਇਸ ਤੋਂ ਇਲਾਵਾ ਦੂਰ-ਦੂਰ ਤੋਂ ਆਈਆਂ ਬੀਬੀਆਂ ਦਾ ਵੀ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਮਨੋਹਰ ਲਾਲ ਨੈਸ਼ਨਲ ਚੇਅਰਮੈਨ, ਸਤੀਸ਼ ਸਭਰਵਾਲ ਐਡਵੋਕੇਟ ਨੈਸ਼ਨਲ ਜਨਰਲ ਸਕੱਤਰ, ਰਾਜ ਕੁਮਾਰ ਅਰੋੜਾ ਜਨਰਲ ਸਕੱਤਰ ਜ਼ਿਲ੍ਹਾ ਫ਼ਿਰੋਜ਼ਪੁਰ ਅਤੇ ਆਏ ਹੋਏ ਮੁੱਖ ਮਹਿਮਾਨ ਕੁਲਵਿੰਦਰ ਕੌਰ ਭੁੱਲਰ, ਨਰਵਿੰਦਰ ਕੌਰ ਰਾਣੀ ਦੇਵੀ, ਲਖਵਿੰਦਰ ਕੌਰ ਲਵਲੀ, ਗੀਤਾ, ਸੀਤਾ ਰਾਣੀ, ਜਸ, ਸਮਸ਼ੇਰ ਸਿੰਘ ਭੁੱਲਰ, ਦੇਵ ਸਿੰਘ ਗੱਟੀ, ਸੋਹਣ ਲਾਲ, ਸ਼ਾਮ ਲਾਲ, ਰਾਜ ਕੁਮਾਰ, ਰਾਜੂ, ਜ਼ੋਗਾ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਮੈਂਬਰ ਹਾਜ਼ਰ ਸਨ। ਇਸ ਮੌਕੇ ਤੇ ਚਾਹ ਦਾ ਲੰਗਰ, ਬਿਸਕੁਟ-ਮਠੀਆਂ ਅਤੇ ਗੁਰੂ ਕਾ ਲੰਗਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਲੰਗਰ ਲਾਏ ਗਏ।

ਅਕਾਲ ਸਹਾਇ



# ਸ੍ਰੀ ਗੁਰੂ ਨਾਨਕ ਦੇਵ ਪਾਤਸ਼ਾਹ ਜੀ ਦੇ ਵਿਆਹ ਪੁਰਬ ਦੀਆਂ ਮੁਬਾਰਕਾਂ





ਸਿੰਘ ਸਾਹਿਬ ਗਿਆਨੀ ਪ੍ਰਤਾਪ ਸਿੰਘ
ਸਾਬਕਾ ਮੁੱਖ ਗ੍ਰੰਥੀ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ।
ਗੁਰਬਾਣੀ ਕਥਾ– ਸਮਾਂ ਰਾਤ ੧੦ ਤੋਂ ੧੧ ਵਜੇ ਤੱਕ

ਕਵੀਸ਼ਰੀ ਜਥਾ ਗਿਆਨੀ ਨਿਸ਼ਾਨ ਸਿੰਘ ਛਬਾਲ।
ਸਮਾਂ ਰਾਤ ੧੧ ਤੋਂ ੧੨ ਵਜੇ ਤੱਕ

ਸਟੇਜ ਸੈਕਟਰੀ ਭਾਈ ਸ਼ਮਸ਼ੇਰ ਸਿੰਘ ਜੇਠੂਵਾਲ

ਸ੍ਰੀ ਗੁਰੂ ਨਾਨਕ ਦੇਵ ਪਾਤਸ਼ਾਹ ਜੀ ਦੇ ਵਿਆਹ ਪੁਰਬ ਦੀ ਪਾਵਨ ਯਾਦ ਅੰਦਰ ਮਹਾਨ ਗੁਰਮਤਿ ਸਮਾਗਮ ਪਿੰਡ ਜੇਠੂਵਾਲ ਵਿਖੇ ੯ ਸਤੰਬਰ ਦੇ ਰਾਤਰੀ ਦੀਵਾਨ ਸਜਾਏ ਜਾ ਰਹੇ ਹਨ, ਜਿਸ ਵਿੱਚ ਪੰਥ ਦੀਆਂ ਮਹਾਨ ਸ਼ਖਸ਼ੀਅਤਾਂ ਪਹੁੰਚ ਰਹੀਆਂ ਹਨ। ਗੁ: ਪ੍ਰ: ਕਮੇਟੀ ਅਤੇ ਸਮੂਹ ਸਾਧ ਸੰਗਤ, ਪਿੰਡ ਜੇਠੂਵਾਲ।